SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 24* Issue 119 | Tuesday, July 02 2024 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਕੈਨੇਡਾ ਡੇਅ ਮੌਕੇ ਪਾਰਲੀਮੈਂਟ ਹਿੱਲ 'ਤੇ ਪੇਸ਼ਕਾਰੀ ਦੌਰਾਨ ਸਕਾਈਹਾਕਸ ਟੀਮ ਦਾ ਮੈਂਬਰ ਹੋਇਆ ਜ਼ਖ਼ਮੀ



ਓਟਵਾ, 1 ਜੁਲਾਈ (ਪੋਸਟ ਬਿਊਰੋ): ਕੈਨੇਡਾ ਦਿਵਸ ਮੌਕੇ ਪੇਸ਼ਕਾਰੀ ਦੌਰਾਨ ਕੈਨੇਡੀਅਨ ਹਥਿਆਰਬੰਦ ਬਲ ਪੈਰਾਸ਼ੂਟ ਟੀਮ, ਸਕਾਈਹਾਕਸ ਦਾ ਇੱਕ ਮੈਂਬਰ ਗੰਭੀਰ ਜ਼ਖ਼ਮੀ ਹੋ ਗਿਆ। ਇਹ ਜਾਣਕਾਰੀ ਟੀਮ ਦੇ ਲੋਕਸੰਪਰਕ ਅਧਿਕਾਰੀ ਡੇਵਨ ਗੋਰਮਨ ਨੇ ਦਿੱਤੀ।

ਇਹ ਘਟਨਾ ਪਾਰਲੀਮੈਂਟ ਹਿੱਲ 'ਤੇ ਦੁਪਹਿਰ 3 ਵਜੇ ਤੋਂ ਬਾਅਦ ਹੋਈ ਅਤੇ ਮੈਡੀਕਲ ਕਰਮੀਆਂ ਨੇ ਤੁਰੰਤ ਕਾਰਵਾਈ ਕੀਤੀ।

ਸਕਾਈਡਾਈਵਰ ਨੂੰ ਹਸਪਤਾਲ ਲਿਜਾਇਆ ਗਿਆ, ਜਿੱਥੇ ਉਸ ਦੀਆਂ ਸੱਟਾਂ ਨੂੰ ਗੰਭੀਰ ਮੰਨਿਆ ਗਿਆ, ਪਰ ਖ਼ਤਰੇ ਤੋਂ ਬਾਹਰ ਹੈ। ਇਸ ਦੇ ਚਲਦੇ ਘਟਨਾ ਸਥਾਨ 'ਤੇ ਕੋਈ ਹੋਰ ਜ਼ਖ਼ਮੀ ਨਹੀਂ ਹੋਇਆ।

ਗੋਰਮਨ ਨੇ ਕਿਹਾ ਕਿ ਇਹ ਘਟਨਾ ਸਮਾਰੋਹ ਦੌਰਾਨ ਪੈਰਾਸ਼ੂਟ ਟੀਮ ਦੇ ਕੁੱਦਣ ਦੌਰਾਨ ਹੋਈ। ਗੋਰਮਨ ਨੇ ਕਿਹਾ ਕਿ ਦਰਸ਼ਕਾਂ ਅਤੇ ਟੀਮ ਦੀ ਸੁਰੱਖਿਆ ਸਾਡੇ ਲਈ ਮਹੱਤਵਪੂਰਣ ਹੈ। ਘਟਨਾ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ।

# ਕੈਨੇਡਾ ਡੇਅ ਮੌਕੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਕੈਨੇਡੀਅਨ ਕਦਰਾਂ-ਕੀਮਤਾਂ ਦੀ ਕੀਤੀ ਪ੍ਰਸੰਸਾ

### ਪ੍ਰਧਾਨ ਮੰਤਰੀ ਨੇ ਕੈਨੇਡਾ ਦੇ 157ਵੇਂ ਸਥਾਪਨਾ ਦਿਵਸ ਮੌਕੇ ਦੇਸ਼ ਵਿਚ ਜਸ਼ਨ ਦੇ ਚਲਦੇ ਕੈਨੇਡਾ ਵਾਸੀਆਂ ਨੂੰ ਵਧਾਈ ਦਿੱਤੀ

ਓਟਵਾ, 1 ਜੁਲਾਈ (ਪੋਸਟ ਬਿਊਰੋ): ਆਪਣੇ ਸਾਲਾਨਾ ਕੈਨੇਡਾ ਡੇਅ ਦੇ ਸੰਬੋਧਨ ਵਿਚ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਵਿਭਿੰਨਤਾ, ਸਮਾਵੇਸ਼ਨ ਅਤੇ ਨਿਰਪਖਤਾ ਪ੍ਰਤੀ ਆਪਣੀ ਪ੍ਰਤੀਬਧਤਾ ਲਈ ਦੇਸ਼ ਦੀ ਪ੍ਰਸ਼ੰਸਾ ਕੀਤੀ, ਜਦੋਂਕਿ ਅਨਿਆਏ ਨੂੰ ਠੀਕ ਕਰਣ ਅਤੇ ਸਵਦੇਸ਼ੀ ਲੋਕਾਂ ਨਾਲ ਸਦਭਾਵਨਾ ਸਥਾਪਤ ਕਰਨ ਲਈ ਚੱਲ ਰਹੇ ਯਤਨਾਂ 'ਤੇ ਧਿਆਨ ਦਿੱਤਾ।

ਉਨ੍ਹਾ ਨੇ ਕਿਹਾ ਕਿ ਇਹ ਕਦਰਾਂ-ਕੀਮਤਾਂ ਹਨ ਜੋ ਸਾਨੂੰ ਕੈਨੇਡੀਅਨ ਦੇ ਰੂਪ ਵਿੱਚ ਇਕੱਠੇ ਰੱਖਦੀਆਂ ਹਨ। ਇਹੀ ਕਾਰਨ ਹੈ ਕਿ ਦੁਨੀਆਂ ਭਰ ਵਿੱਚ ਇਨੇ ਸਾਰੇ ਲੋਕ ਆਪਣੀ ਸੰਪੱਤੀ ਬਚਾ ਲੈਂਦੇ ਹਨ ਅਤੇ ਸਾਡੀ ਕਹਾਣੀ ਦਾ ਹਿੱਸਾ ਬਨਣ ਲਈ ਉਹ ਜੋ ਕੁੱਝ ਵੀ ਜਾਣਦੇ ਹਨ ਉਸਨੂੰ ਪਿੱਛੇ ਛੱਡ ਦਿੰਦੇ ਹਨ। ਇਹ ਇੱਕ ਅਜਿਹੀ ਕਹਾਣੀ ਹੈ ਜਿਸ ਵਿੱਚ ਬੇਇਨਸਾਫ਼ੀ ਸ਼ਾਮਿਲ ਹੈ, ਟਰੂਡੋ ਨੇ ਬ੍ਰਿਟਿਸ਼ ਕੋਲੰਬੀਆ ਵਿੱਚ ਰਿਕਾਰਡ ਕੀਤੇ ਗਏ ਵੀਡੀਓ ਵਿੱਚ ਕਿਹਾ, ਅਸੀਂ ਸੁਲਹ ਦੇ ਆਪਣੇ ਸਾਂਝੇ ਰਾਹ 'ਤੇ ਸੰਘਰਸ਼ ਕਰ ਰਹੇ ਹਾਂ।



ਇਹ ਸਿੱਖਣ ਦੀ ਕਹਾਣੀ ਹੈ। ਇਹ ਸਿੱਖਣਾ ਕਿ ਅਸੀ ਆਪਣੇ ਮੱਤਭੇਦਾਂ ਦੇ ਬਾਵਜੂਦ ਮਜਬੂਤ ਹਾਂ ਅਤੇ ਇਹ ਇੱਕ ਅਜਿਹੀ ਕਹਾਣੀ ਹੈ ਜੋ ਕੈਨੇਡੀਅਨ ਲੋਕਾਂ ਦੁਆਰਾ ਲਿਖੀ ਜਾ ਰਹੀ ਹੈ ਜੋ ਆਪਣੇ ਭਾਈਚਾਰੇ ਅਤੇ ਦੇਸ਼ ਲਈ ਅੱਗੇ ਆਉਂਦੇ ਹਨ। ਟਰੂਡੋ ਨੇ ਸਿਹਤ ਸੇਵਾ ਕਰਮੀਆਂ, ਹਥਿਆਰਬੰਦ ਬਲਾਂ ਦੇ ਲਗਾਤਾਰ ਯਤਨਾਂ ਦੀ ਪ੍ਰਸੰਸਾ ਕੀਤੀ।

## ਪੀਲ ਪੁਲਿਸ ਬਰੈਂਪਟਨ 'ਚ ਹੋਈ ਦੋ ਵਾਹਨਾਂ ਦੀ ਟੱਕਰ ਦੀ ਕਰ ਰਹੀ ਜਾਂਚ



ਬਰੈਂਪਟਨ, 1ਜੁਲਾਈ (ਪੋਸਟ ਬਿਊਰੋ): ਪੀਲ ਰੀਜਨ ਪੁਲਿਸ ਅਨੁਸਾਰ, ਸੋਮਵਾਰ ਸਵੇਰੇ ਬਰੈਂਪਟਨ ਵਿੱਚ ਦੋ ਵਾਹਨਾਂ ਦੀ ਟੱਕਰ ਵਿੱਚ ਇੱਕ ਚਾਲਕ ਦੀ ਮੌਤ ਹੋ ਗਈ ਹੈ। ਪੀਲ ਰੀਜਨ ਪੁਲਿਸ ਦੇ ਲੋਕਸੰਪਰਕ ਅਤੇ ਮੀਡਿਆ ਸੰਬੰਧ ਅਧਿਕਾਰੀ ਰਿਚਰਡ ਚਿਨ ਨੇ ਦੇਰ ਸਵੇਰੇ ਅਪਡੇਟ ਵਿੱਚ ਕਿਹਾ, ਸਵੇਰੇ 6:30 ਵਜੇ ਤੋਂ ਬਾਅਦ ਪੀਲ ਰੀਜਨ ਪੁਲਿਸ ਨੇ ਬਰੈਂਪਟਨ ਸ਼ਹਿਰ ਵਿੱਚ ਹਾਈਵੇ 50 ਅਤੇ ਕੋਲੇਰੇਨ ਡਰਾਈਵ ਦੇ ਖੇਤਰ ਵਿਚ ਕਾਰਵਾਈ ਕੀਤੀ।

## ਫਰਾਂਸ 'ਚ ਹਾਈਵੇਅ 'ਤੇ ਜੈੱਟ ਦੀ ਬਿਜਲੀ ਦੀ ਕੇਬਲ ਨਾਲ ਟਕਰਾਇਆ, 3 ਲੋਕਾਂ ਦੀ ਮੌਤ



ਪੈਰਿਸ, 1 ਜੁਲਾਈ (ਪੋਸਟ ਬਿਊਰੋ): ਫਰਾਂਸ ਦੀ ਰਾਜਧਾਨੀ ਪੈਰਿਸ ਵਿੱਚ ਐਤਵਾਰ ਨੂੰ ਇੱਕ ਪ੍ਰਾਈਵੇਟ ਜੈੱਟ ਬਿਜਲੀ ਦੀ ਤਾਰ ਨਾਲ ਟਕਰਾ ਗਿਆ। ਇਸ ਵਿਚ ਸਵਾਰ ਤਿੰਨ ਲੋਕਾਂ ਦੀ ਮੌਤ ਹੋ ਗਈ। ਜਾਣਕਾਰੀ ਮੁਤਾਬਕ ਇਹ ਘਟਨਾ ਸਥਾਨਕ ਸਮੇਂ ਮੁਤਾਬਕ ਸ਼ਾਮ 4 ਵਜੇ ਵਾਪਰੀ। ਮਰਨ ਵਾਲਿਆਂ ਵਿੱਚ ਇੱਕ ਔਰਤ ਵੀ ਸ਼ਾਮਿਲ ਹੈ।

ਪੁਲਸ ਮੁਤਾਬਕ ਇਹ ਘਟਨਾ ਨੈਸ਼ਨਲ ਹਾਈਵੇਅ ਏ4 'ਤੇ ਵਾਪਰੀ ਅਤੇ ਜਹਾਜ਼ ਨੇ ਕਰੈਸ਼ ਹੋਣ ਤੋਂ ਅੱਧਾ ਘੰਟਾ ਪਹਿਲਾਂ ਉਡਾਨ ਭਰੀ ਸੀ। ਜਹਾਜ਼ ਦਾ ਮਾਡਲ ਸੇਸਨਾ 172 ਹੈ। ਜੈੱਟ ਦਾ ਉਪਰਲਾ ਹਿੱਸਾ ਪਾਵਰ ਕੇਬਲ ਨਾਲ ਟਕਰਾ ਗਿਆ, ਜੋਕਿ ਇੱਕ ਉੱਚ ਵੋਲਟੇਜ ਇਲੈਕਟ੍ਰਿਕ ਪਾਵਰ ਕੇਬਲ ਸੀ। ਜਿਸ ਤੋਂ ਬਾਅਦ ਜੈੱਟ ਨੂੰ ਅੱਗ ਲੱਗ ਗਈ।

ਪੁਲਸ ਨੇ ਦੱਸਿਆ ਕਿ ਹਾਈਵੇਅ ਨੂੰ ਦੋਹਾਂ ਪਾਸਿਆਂ ਤੋਂ ਬੰਦ ਕਰ ਦਿੱਤਾ ਗਿਆ ਅਤੇ ਬਚਾਅ ਦਲ ਨੇ ਮੌਕੇ 'ਤੇ ਬਚਾਅ ਮੁਹਿੰਮ ਚਲਾਈ। ਜੈੱਟ ਨੂੰ ਉਡਾਉਣ ਵਾਲੇ ਪਾਇਲਟ ਨੂੰ ਪਿਛਲੇ ਸਾਲ ਹੀ ਆਪਣਾ ਲਾਈਸੈਂਸ ਮਿਲਿਆ ਸੀ। ਪਾਇਲਟ ਕੋਲ 100 ਘੰਟੇ ਦਾ ਜੈੱਟ ਉਡਾਨ ਦਾ ਤਜ਼ਰਬਾ ਸੀ।

## ਸਿੰਗਾਪੁਰ ਵਿਚ ਮਹਿਲਾ ਧਰਮਗੁਰੂ ਨੂੰ ਸਾਢੇ ਦਸ ਸਾਲ ਦੀ ਕੈਦ

ਸਿੰਗਾਪੁਰ, 1 ਜੁਲਾਈ (ਪੋਸਟ ਬਿਊਰੋ): ਸਿੰਗਾਪੁਰ ਦੇ ਧਰਮਗੁਰੂ ਵੂ ਮੇ ਹੋ (54) ਨੂੰ ਸਾਢੇ ਦਸ ਸਾਲ ਦੀ ਸਜ਼ਾ ਸੁਣਾਈ ਗਈ ਹੈ। ਅਦਾਲਤ ਨੇ ਉਸ ਨੂੰ ਆਪਣੇ ਸ਼ਰਧਾਲੂਆਂ ਨੂੰ ਧੋਖਾ ਦੇਣ ਅਤੇ ਉਨ੍ਹਾਂ ਨੂੰ ਜ਼ਖਮੀ ਕਰਨ ਸਮੇਤ 5 ਦੋਸ਼ਾਂ ਵਿੱਚ ਦੋਸ਼ੀ ਪਾਇਆ। ਵੂ ਮੇ ਹੋ 'ਤੇ ਦੋਸ਼ ਹੈ ਕਿ ਉਸ ਨੇ ਆਪਣੇ ਸ਼ਰਧਾਲੂਆਂ ਦਾ ਬ੍ਰੇਨਵਾਸ਼ ਕੀਤਾ ਅਤੇ ਉਨ੍ਹਾਂ ਨੂੰ ਕਿਹਾ ਕਿ ਉਹ ਦੇਵੀ ਹੈ।



ਜੇਕਰ ਸ਼ਰਧਾਲੂ ਉਸ ਦੇ ਹੁਕਮਾਂ ਦੀ ਪਾਲਣਾ ਨਹੀਂ ਕਰਦੇ, ਤਾਂ ਉਹ ਉਨ੍ਹਾਂ ਨੂੰ ਬੇਰਹਿਮੀ ਨਾਲ ਸਜ਼ਾ ਦੇਵੇਗੀ। ਉਹ ਸ਼ਰਧਾਲੂਆਂ ਨੂੰ ਉਨ੍ਹਾਂ ਦਾ ਮਲ ਖੁਆਉਂਦੀ ਸੀ ਅਤੇ ਪਲਾਸ ਨਾਲ ਦੰਦ ਕੱਢਣ ਲਈ ਕਹਿੰਦੀ ਸੀ। ਇਨਾ ਹੀ ਨਹੀਂ, ਉਹ ਸ਼ਰਧਾਲੂਆਂ 'ਤੇ ਕੈਂਚੀ ਨਾਲ ਹਮਲਾ ਕਰਦੀ ਸੀ ਅਤੇ ਉਨ੍ਹਾਂ ਨੂੰ ਇਮਾਰਤ ਦੀ ਦੂਜੀ ਮੰਜ਼ਿਲ ਤੋਂ ਛਾਲ ਮਾਰਨ ਲਈ ਵੀ ਕਹਿੰਦੀ ਸੀ।

ਸਿੰਗਾਪੁਰ ਦੇ ਨਿਊਜ਼ ਚੈਨਲ ਸੀਐੱਨਏ ਦੀ ਰਿਪੋਰਟ ਮੁਤਾਬਕ ਵੂ ਮੇ ਹੋ ਆਪਣੇ ਆਪ ਨੂੰ ਭਾਰਤੀ ਧਰਮਗੁਰੂ ਸ਼੍ਰੀ ਸ਼ਕਤੀ ਨਰਾਇਣੀ ਅੰਮਾ ਦੀ ਭਗਤੂ ਦੱਸਦੀ ਹੈ। ਸ਼੍ਰੀ ਸ਼ਕਤੀ ਨਰਾਇਣੀ ਅੰਮਾ ਦੇ ਸ਼ਰਧਾਲੂ ਉਸ ਨੂੰ ਦੇਵੀ ਨਾਰਾਇਣੀ ਦਾ ਪਹਿਲਾ ਜਾਣਿ-ਆ ਜਾਣ ਵਾਲਾ ਅਵਤਾਰ ਮੰਨਦੇ ਹਨ। ਵੂ ਮੇ ਹੋ 2012 ਤੋਂ ਸਿੰਗਾਪੁਰ ਵਿੱਚ 30 ਸ਼ਰਧਾਲੂਆਂ ਦੇ ਇੱਕ ਸਮੂਹ ਦੇ ਨਾਲ ਇੱਕ ਆਸ਼ਰਮ ਚਲਾ ਰਹੀ ਹੈ। ਲੋਕ ਉਸ 'ਤੇ ਭਰੋਸਾ ਕਰਨ ਲਈ, ਉਹ ਹਮੇਸ਼ਾ ਦੇਵੀ ਵਰਗੀ ਸਾੜੀ ਅਤੇ ਮੇਕਅੱਪ ਕਰਦੀ ਹੈ।

ਵੂ ਮੇ ਹੋ ਦੇ ਭਗਤਾਂ ਨੇ ਅਦਾਲਤ ਨੂੰ ਦੱਸਿਆ ਕਿ ਉਹ ਆਪਣੀਆਂ ਬੀਮਾਰੀਆਂ ਦਾ ਇਲਾਜ ਕਰਨ ਅਤੇ ਆਪਣੀ ਜ਼ਿੰਦਗੀ ਨੂੰ ਸੁਧਾਰਨ ਲਈ ਉਸ ਕੋਲ ਜਾਂਦੇ ਸਨ। ਇਸ ਦੌਰਾਨ ਵੂ ਮੇ ਹੋ ਲੋਕਾਂ ਤੋਂ ਪੈਸੇ ਮੰਗਦੀ ਸੀ। ਉਸ ਨੇ ਕਿਹਾ ਕਿ ਉਸ ਨੂੰ ਆਪਣੇ 'ਬੁਰੇ ਕਰਮਾਂ' ਨੂੰ ਸਾਫ਼ ਕਰਨ ਲਈ ਭਾਰਤ ਵਿੱਚ ਅੰਮਾ ਨੂੰ ਪੈਸੇ ਭੇਜਣੇ ਪਏ। ਇਸ ਤਰ੍ਹਾਂ ਵੂ ਨੇ ਭਗਤਾਂ ਤੋਂ 43 ਕਰੋੜ ਰੁਪਏ ਠੱਗੇ।

## ਭਾਰਤ ਵਿਚ ਤਿੰਨ ਮੁੱਖ ਅਪਰਾਧਿਕ ਕਾਨੂੰਨ ਲਾਗੂ

ਨਵੀਂ ਦਿੱਲ੍ਹੀ, 1 ਜੁਲਾਈ (ਪੋਸਟ ਬਿਊਰੋ): ਦੇਸ਼ ਭਰ 'ਚ ਅੱਜ ਤੋਂ ਤਿੰਨ ਮੁੱਖ ਅਪਰਾਧਿਕ ਕਾਨੂੰਨ ਭਾਰਤੀ ਦੰਡ ਸੰਹਿਤਾ, 1860, ਭਾਰਤੀ ਸਬੂਤ ਐਕਟ, 1872 ਅਤੇ ਫੌਜਦਾਰੀ ਜਾਬਤਾ, 1898 ਅਤੇ 1973 ਦੀ ਥਾਂ 'ਤੇ ਹੁਣ ਭਾਰਤੀ ਨਿਆਂ ਸੰਹਿਤਾ, 2023, ਭਾਰਤੀ ਸਬੂਤ ਐਕਟ, 2023 ਅਤੇ ਭਾਰਤੀ ਸਿਵਲ ਡਿਫੈਂਸ ਕੋਡ, 2023 ਲਾਗੂ ਹੋ ਗਏ ਹਨ।

ਜ਼ਿਕਰਯੋਗ ਹੈ ਕਿ 12 ਦਸੰਬਰ 2023 ਨੂੰ ਲੋਕ ਸਭਾ ਦਿਨ ਕਾਰਵਾਈ ਦੌਰਾਨ ਅੰਗਰੇਜਾਂ ਵੇਲੇ ਤੋਂ ਚਲੇ ਆ ਰਹੇ ਇਨ੍ਹਾਂ ਤਿੰਨਾਂ ਕਾਨੂੰਨਾਂ 'ਚ ਬਦਲਾਅ ਲਈ ਇੱਕ ਬਿੱਲ ਪ੍ਰਸਤਾਵਿਤ ਕੀਤਾ ਸੀ . ਜਿਸਦੇ ਚੱਲਦੇ ਇਨ੍ਹਾਂ ਬਿੱਲਾਂ 20 ਦਸੰਬਰ 2023 ਨੂੰ ਲੋਕ ਸਭਾ ਤੇ 21 ਦਸੰਬਰ, 2023 ਨੂੰ ਰਾਜ ਸਭਾ ਵੱਲੋਂ ਪਾਸ ਕੀਤਾ ਸੀ। ਇਸਤੋਂ ਬਾਅਦ ਰਾਸ਼ਟਰਪਤੀ ਦ੍ਰੋਪਦੀ ਮੂਰਮੂ ਨੇ 25 ਦਸੰਬਰ 2023 ਨੂੰ ਇਨ੍ਹਾਂ ਤਿੰਨਾਂ ਬਿੱਲਾਂ ਨੂੰ ਮਨਜ਼ੂਰੀ ਦਿੱਤੀ ਸੀ।

ਤਕਨਾਲੋਜੀ ਦੀ ਵੱਧ ਰਹੀ ਦਖਲਅੰਦਾਜ਼ੀ ਦੇ ਮੱਦੇਨਜ਼ਰ ਇਨ੍ਹਾਂ ਕਾਨੂੰਨਾਂ 'ਚ ਵੀ ਤਕਨਾਲੋਜੀ ਦੀ ਵੱਧ ਤੋਂ ਵੱਧ ਵਰਤੋਂ ਕਰਨ 'ਤੇ ਜ਼ੋਰ ਦਿੱਤਾ ਗਿਆ ਹੈ। ਇਨ੍ਹਾਂ ਕਾਨੂੰਨਾਂ 'ਚ ਜ਼ਿਆਦਾਤਰ ਕਾਨੂੰਨੀ ਪ੍ਰਕਿਰਿਆਵਾਂ ਨੂੰ ਡਿਜੀਟਲ ਕਰਨ ਦੀ ਵਿਵਸਥਾ ਕੀਤੀ ਗਈ ਹੈ। ਕੇਂਦਰ ਸਰਕਾਰ ਨੇ ਇਨ੍ਹਾਂ ਗੱਲਾਂ ਦਾ ਜ਼ਕਿਰ ਸੰਸਦ 'ਚ ਚਰਚਾ ਦੌਰਾਨ ਵੀ ਕੀਤਾ ਸੀ।

## ਰਾਹੁਲ ਗਾਂਧੀ ਦੇ ਭਾਸ਼ਣ ਦੌਰਾਨ ਪ੍ਰਧਾਨ ਮੰਤਰੀ ਮੋਦੀ ਨੇ ਕਿਹਾ- ਲੋਕਤੰਤਰ ਅਤੇ ਸੰਵਿਧਾਨ ਨੇ ਮੈਨੂੰ ਸਿਖਾਇਆ ਹੈ ਕਿ ਮੈਨੂੰ ਵਿਰੋਧੀ ਧਿਰ ਦੇ ਨੇਤਾ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ

ਨਵੀਂ ਦਿੱਲੀ, 1 ਜੁਲਾਈ (ਪੋਸਟ ਬਿਊਰੋ): ਸੰਸਦ ਦੇ ਮਾਨਸੂਨ ਸੈਸ਼ਨ ਦੌਰਾਨ ਸੱਤਾ ਧਿਰ ਅਤੇ ਵਿਰੋਧੀ ਧਿਰ ਵਿਚਾਲੇ ਟਕਰਾਅ ਲਗਾਤਾਰ ਜਾਰੀ ਹੈ। ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਦੇ ਇੱਕ ਬਿਆਨ ਨੂੰ ਲੈ ਕੇ ਲੋਕ ਸਭਾ ਵਿੱਚ ਭਾਰੀ ਹੰਗਾਮਾ ਹੋਇਆ। ਦਰਅਸਲ, ਰਾਹੁਲ ਗਾਂਧੀ ਨੇ ਪ੍ਰਧਾਨ ਮੰਤਰੀ ਨਰਿੰ-ਦਰ ਮੋਦੀ ਬਾਰੇ ਨਿੱਜੀ ਟਿੱਪਣੀਆਂ ਕੀਤੀਆਂ, ਜਿਸ ਦਾ ਸੱਤਾਧਾਰੀ ਪਾਰਟੀ ਦੇ ਮੈਂਬਰਾਂ ਨੇ ਸਖ਼ਤ ਵਿਰੋਧ ਕੀਤਾ। ਨਾਲ ਹੀ ਲੋਕ ਸਭਾ ਸਪੀਕਰ ਓਮ ਬਿਰਲਾ ਨੇ ਇਸ 'ਤੇ ਦਖਲ ਦਿੰਦੇ ਹੋਏ ਕਿਹਾ ਕਿ ਰਾਸ਼ਟਰਪਤੀ ਦੇ ਭਾਸ਼ਣ 'ਤੇ ਚਰਚਾ ਹੋ ਰਹੀ ਹੈ, ਇਸ ਦਾ ਸਨਮਾਨ ਕੀਤਾ ਜਾਣਾ ਚਾਹੀਦਾ ਹੈ। ਹਰ ਕੋਈ ਤੁਹਾਡੇ ਤੋਂ ਇਹੀ ਆਸ ਰੱਖਦਾ ਹੈ। ਇਸ ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰ-ਦਰ ਮੋਦੀ ਨੇ ਵੀ ਦਖਲ ਦਿੰਦੇ ਹੋਏ ਕਿਹਾ ਕਿ ਮੈਨੂੰ ਵਿਰੋਧੀ ਧਿਰ ਦੇ ਨੇਤਾ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ।



ਲੋਕ ਸਭਾ 'ਚ ਬੋਲਦੇ ਹੋਏ ਰਾਹੁਲ ਗਾਂਧੀ ਨੇ ਕਿਹਾ ਕਿ ਅੱਜ ਸਵੇਰੇ ਮੈਂ ਆਇਆ ਅਤੇ ਰਾਜਨਾਥ ਸਿੰਘ ਜੀ ਨੇ ਮੁਸਕਰਾ ਕੇ ਮੇਰਾ ਸੁਆਗਤ ਕੀਤਾ। ਮੋਦੀ ਜੀ ਬੈਠੇ ਹਨ, ਮੁਸਕਰਾਹਟ ਨਹੀਂ, ਗੰਭੀਰਤਾ ਨਾਲ, ਉਹ ਨਮਸਤੇ ਵੀ ਨਹੀਂ ਕਹਿੰਦੇ। ਮੋਦੀ ਜੀ ਨਹੀਂ ਹਨ, ਇਹ ਗਡਕਰੀ ਜੀ ਦੀ ਕਹਾਣੀ ਹੈ, ਅਯੁੱਧਿਆ ਦੇ ਲੋਕਾਂ ਨੂੰ ਛੱਡੋ, ਉਹ ਭਾਜਪਾ ਵਾਲਿਆਂ ਨੂੰ ਡਰਾਉਂਦੇ ਹਨ।

...ਬਾਕੀ ਪੰਨਾ 2 'ਤੇ

ਨਵਾਂ ਘਾਹ ਲਵਾਉ | 647-784-1213
www.aaalandscaping.ca
1 ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2 ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3 ਨਵਾਂ ਘਾਹ ਲਵਾਉ
4 ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

MagGas Medical Brampton
MGM
MAGGAS MEDICAL INC.
Helping you breathe deep and rest easy.
(647) 954-9885
20 Maritime Ont Blvd Unit 15
Brampton, ON L6S 0C2

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

KELLEY LAW OFFICE
- Immigration
- Real Estate
- Family Law
- Business Closing
- Corporate
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Advice you can bank on.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

## ਅੱਜ ਨਾਮਾ

ਪਾਰਲੀਮੈਂਟ ਵਿੱਚ ਬੋਲਿਆ ਜਦੋਂ ਰਾਹੁਲ,
ਨੁਕਸ ਸਰਕਾਰ ਦੇ ਖ਼ੂਬ ਗਿਣਾਏ ਉਹਨੇ।
ਹਵਾਲਾ ਨੀਤੀ ਦਾ ਦਿੱਤਾ ਜਾਂ ਨੀਤ ਵਰਗਾ,
ਨੁਕਤੇ ਉਧੇੜ ਸੀ ਬਹੁਤ ਵਿਛਾਏ ਉਹਨੇ।
ਕਰਦੇ ਨਹੀਂ ਸਨ ਜਿਹੜੇ ਪ੍ਰਵਾਹ ਉਹਦੀ,
ਇੱਕੋ ਵਾਰ ਸੀ ਸੋਚਾਂ ਵਿੱਚ ਪਾਏ ਉਹਨੇ।
ਵਿਰੋਧੀ ਧਿਰ ਨੇ ਕਿਹੋ ਜਿਹਾ ਰੋਲ ਕਰਨਾ,
ਸਾਫ ਸੰਕੇਤ ਸਨ ਉਹਦੇ ਵਿਖਾਏ ਉਹਨੇ।
ਪਹਿਲੜੇ ਸੈਸ਼ਨ ਦੇ ਵਕਤ ਜੋ ਹੋਈ-ਬੀਤੀ,
ਉਸਤੋਂ ਝਾਕੀ ਅਗੇਤੀ ਇਹ ਆਈ ਭਾਈ।
ਵਿਰੋਧੀ ਮੈਂਬਰ ਵੀ ਐਤਕੀਂ ਬਹੁਤ ਪਹੁੰਚੇ,
ਮੁੜ-ਮੁੜ ਹੋਣੀ ਆ ਸਿੰਗ-ਫਸਾਈ ਭਾਈ।

**ਤੀਸ ਮਾਰ ਖਾਂ**

# ਅੰਮ੍ਰਿਤਸਰ ਲੁੱਟ ਕੇਸ: ਪੀੜਤ ਦੇ ਡਰਾਈਵਰ ਦੀ ਧੀ, ਉਸਦੇ ਮੰਗੇਤਰ ਸਮੇਤ 7 ਗ੍ਰਿਫ਼ਤਾਰ

### * 41.40 ਲੱਖ ਰੁਪਏ ਦੀ ਨਕਦੀ, 800 ਗ੍ਰਾਮ ਸੋਨਾ ਕੀਤਾ ਬਰਾਮਦ

ਚੰਡੀਗੜ੍ਹ, 1 ਜੁਲਾਈ (ਗਿਆਨ ਸਿੰਘ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਦੇ ਮੱਦੇਨਜ਼ਰ ਚਲਾਈ ਜਾ ਰਹੀ ਮੁਹਿੰਮ ਤਹਿਤ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਸਨਸਨੀਖੇਜ਼ ਅੰਮਿਰਤਸਰ ਲੁੱਟ ਕੇਸ ਦਾ ਖੁਰਾ-ਖੋਜਦਿਆਂ ਪੀੜਤ ਦੇ ਡਰਾਈਵਰ ਦੀ ਧੀ ਅਤੇ ਉਸ ਦੇ ਮੰਗੇਤਰ, ਜਿੰਨ੍ਹਾਂ ਨੇ ਡਕੈਤੀ ਦੀ ਪੂਰੀ ਸਾਜ਼ਿਸ਼ ਰਚੀ ਸੀ , ਨੂੰ 7 ਮੁਲਜ਼ਮਾਂ ਸਮੇਤ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।

ਇਹ ਜਾਣਕਾਰੀ ਦਿੰਦਿਆਂ ਡੀਜੀਪੀ ਪੰਜਾਬ ਗੌਰਵ ਯਾਦਵ ਨੇ ਸੋਮਵਾਰ ਨੂੰ ਇੱਥੇ ਦੱਸਿਆ ਕਿ ਫੜੇ ਗਏ ਵਿਅਕਤੀਆਂ ਦੀ ਪਛਾਣ ਸ਼ਿਵਾਨੀ (28) ਵਾਸੀ ਅਮਰ ਐਵੀਨਿਊ ਖੰਡਵਾਲਾ ਛੇਹਰਟਾ ਅਤੇ ਉਸ ਦੇ ਮੰਗੇਤਰ ਗੁਰਟੇਕ ਸਿੰਘ (23) ਵਾਸੀ ਅਜਨਾਲਾ ਅਤੇ ਇਨ੍ਹਾਂ ਦੇ ਸਾਥੀ ਗੁਰਪ੍ਰੀਤ ਸਿੰਘ (34) ਵਾਸੀ ਮਜੀਠਾ ਰੋਡ ਅੰਮ੍ਰਿਤਸਰ, ਸੰਦੀਪ ਸਿੰਘ (29) ਵਾਸੀ ਜੰਡਿਆਲਾ, ਦੀਪਕ ਕੁਮਾਰ (30) ਪਿੰਡ ਮਾਹਲ, ਹਰਦੇਵ ਸਿੰਘ (53) ਅਜਨਾਲਾ ਅਤੇ ਹਰਪਾਲ ਸਿੰਘ (52) ਰਾਜਾਸਾਂਸੀ ਅੰਮ੍ਰਿਤਸਰ ਵਜੋਂ ਹੋਈ ਹੈ। ਮੁਲਜ਼ਮ ਸ਼ਿਵਾਨੀ ਨਰਿੰਦਰ ਮੋਹਨ ਮਹਿਤਾ, ਜੋ ਕਿ ਪੀੜਤ ਜੀਆ ਲਾਲ ਬਹਿਲ ਦਾ ਡਰਾਈਵਰ ਹੈ, , ਦੀ ਧੀ ਹੈ , ਜੋ ਕਿ ਪੀੜਤ ਦੀ ਦੌਲਤ-ਸ਼ੌਹਰਤ ਤੋਂ ਭਲੀਭਾਂਤ ਜਾਣੂ ਸੀ ।

ਪ੍ਰਾਪਤ ਜਾਣਕਾਰੀ ਅਨੁਸਾਰ ਬੁੱਧਵਾਰ ਤੜਕੇ ਚਾਰ ਹਥਿਆਰਬੰਦ ਵਿਅਕਤੀ, ਜਿਨਾ ਨੇ ਮੂੰਹ ਢਕੇ ਹੋਏ ਸਨ, ਨੇ ਪੀੜਤ ਜੀਆ ਲਾਲ ਦੇ ਘਰ



'ਚ ਦਾਖਲ ਹੋ ਕੇ 90 ਲੱਖ ਰੁਪਏ ਅਤੇ 3 ਕਿਲੋ ਦੇ ਗਹਿਣਿਆਂ ਦੀ ਲੁੱਟ ਕੀਤੀ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਪੰਜਾਬ ਪੁਲਿਸ ਦੀਆਂ ਟੀਮਾਂ ਨੇ ਤਿੰਨ ਮੁਲਜ਼ਮਾਂ- ਗੁਰਪ੍ਰੀਤ, ਸੰਦੀਪ ਅਤੇ ਦੀਪਕ ਨੂੰ ਮਹਾਰਾਸ਼ਟਰ ਪੁਲਿਸ ਅਤੇ ਕੇਂਦਰੀ ਏਜੰਸੀਆਂ ਦੇ ਸਹਿਯੋਗ ਨਾਲ ਇੱਕ ਅੰਤਰ-ਰਾਜੀ ਕਾਰਵਾਈ ਤਹਿਤ ਮਹਾਰਾਸ਼ਟਰ ਦੇ ਧੂਲੇ ਜ਼ਿਲ੍ਹੇ ਤੋਂ ਗ੍ਰਿਫਤਾਰ ਕੀਤਾ , ਜਦ ਕਿ ਬਾਕੀ ਚਾਰ ਵਿਅਕਤੀਆਂ ਨੂੰ ਅੰਮ੍ਰਿਤਸਰ ਤੋਂ ਗ੍ਰਿਫ਼ਤਾਰ ਕੀਤਾ ਸੀ। ਉਨ੍ਹਾਂ ਦੱਸਿਆ ਕਿ ਪੁਲਿਸ ਟੀਮਾਂ ਨੇ ਉਨ੍ਹਾਂ ਕੋਲੋਂ 41.40 ਲੱਖ ਰੁਪਏ ਦੀ ਨਕਦੀ ਅਤੇ 800 ਗ੍ਰਾਮ ਸੋਨਾ ਵੀ ਬਰਾਮਦ ਕੀਤਾ ਹੈ।

ਡੀਜੀਪੀ ਨੇ ਕਿਹਾ ਕਿ ਪੁਲਿਸ ਟੀਮਾਂ ਵੱਲੋਂ ਇਸ ਸਨਸਨੀਖੇਜ਼ ਲੁੱਟ ਦੇ ਕੇਸ ਨੂੰ ਸੁਲਝਾਉਣ ਲਈ ਪੇਸ਼ੇਵਰ ਅਤੇ ਵਿਗਿਆਨਕ ਪਹੁੰਚ ਅਪਣਾਈ ਗਈ। ਇਸ ਮਾਮਲੇ ਵਿੱਚ ਅਗਲੇਰੀ ਜਾਂਚ ਜਾਰੀ ਹੈ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਪੁਲਿਸ ਕਮਿਸ਼ਨਰ ਅੰਮ੍ਰਿਤਸਰ ਰਣਜੀਤ ਸਿੰਘ ਢਿੱਲੋਂ ਨੇ ਦੱਸਿਆ ਕਿ ਇਸ ਘਟਨਾ ਤੋਂ ਬਾਅਦ ਏ.ਡੀ.ਸੀ.ਪੀ ਸਿਟੀ-2 ਅਭਿਮਨਿਊ ਰਾਣਾ ਅਤੇ ਏ.ਸੀ.ਪੀ ਉੱਤਰੀ ਵਿਜੇ ਕੁਮਾਰ ਦੀ ਦੇਖ-ਰੇਖ ਹੇਠ ਸਿਵਲ ਲਾਈਨ ਪੁਲਿਸ ਸਟੇਸ਼ਨ, ਸੀ.ਆਈ.ਏ.-1 ਅਤੇ ਸੀ.ਆਈ.ਏ.-2 ਦੀਆਂ ਪੁਲਿਸ ਟੀਮਾਂ ਨੇ ਤੁਰੰਤ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਸੀ।

ਉਨ੍ਹਾਂ ਕਿਹਾ ਕਿ ਪੁਲਿਸ ਟੀਮਾਂ ਨੇ 12 ਘੰਟਿਆਂ ਤੋਂ ਵੀ ਘੱਟ ਸਮੇਂ ਵਿੱਚ ਕੇਸ ਨੂੰ ਟਰੇਸ ਕਰਨ ਵਿੱਚ ਕਾਮਯਾਬੀ ਹਾਸਲ ਕੀਤੀ ਅਤੇ 24 ਘੰਟਿਆਂ ਵਿੱਚ ਮਹਾਰਾਸ਼ਟਰ ਤੋਂ ਤਿੰਨ ਮੁਲਜ਼ਮਾਂ ਨੂੰ ਜਾ ਦਬੋਚਿਆ। ਜਦਕਿ ਬਾਕੀ ਚਾਰ ਮੁਲਜ਼ਮਾਂ ਨੂੰ ਸ਼ੁੱਕਰਵਾਰ ਅਤੇ ਸ਼ਨੀਵਾਰ ਨੂੰ ਗ੍ਰਿਫਤਾਰ ਕੀਤਾ ਗਿਆ ਸੀ।

ਸੀ.ਪੀ. ਰਣਜੀਤ ਸਿੰਘ ਢਿੱਲੋਂ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਸ਼ਾਮਲ ਦੋ ਹੋਰ ਵਿਅਕਤੀਆਂ ਦੀ ਪਛਾਣ ਕਰ ਲਈ ਗਈ ਹੈ ਅਤੇ ਉਨ੍ਹਾਂ ਨੂੰ ਫੜਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਅਗਲੇਰੇ-ਪਿਛਲੇਰੇ ਸਬੰਧ ਸਥਾਪਤ ਕਰਨ ਲਈ ਜਾਂਚ ਜਾਰੀ ਹੈ।

ਇਸ ਸਬੰਧੀ ਐਫਆਈਆਰ ਨੰ. 107 ਮਿਤੀ 26-06-2024 ਨੂੰ ਆਈ.ਪੀ.ਸੀ. ਦੀ ਧਾਰਾ 394 ਅਤੇ ਅਸਲਾ ਐਕਟ ਦੀ ਧਾਰਾ 25 ਅਧੀਨ ਥਾਣਾ ਸਿਵਲ ਲਾਈਨ ਅੰਮ੍ਰਿਤਸਰ ਵਿਖੇ ਕੇਸ ਦਰਜ ਕੀਤਾ ਗਿਆ ਸੀ।

# ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਦੀ ਮੀਟਿੰਗ ਹੋਈ ਮੀਟਿੰਗ

ਫਿਰੋਜ਼ਪੁਰ 1 ਜੁਲਾਈ (ਗਿਆਨ ਸਿੰਘ): ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਦੀ ਮੀਟਿੰਗ ਸੂਬਾ ਸੁਬੇਗ ਸਿੰਘ ਅਜ਼ੀਜ ਜਿਲਾ ਕੋਆਰਡੀਨੇਟਰ ਫਿਰੋਜਪੁਰ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ 6 ਜੁਲਾਈ 2024 ਨੂੰ ਜਲੰਧਰ ਵਿਖੇ ਹੋਣ ਵਾਲੇ ਝੰਡਾ ਮਾਰਚ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ।
ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਸਟੇਟ ਬਾਡੀ ਦੁਆਰਾ ਉਲੀਕੇ ਪ੍ਰੋਗਰਾਮ ਅਨੁਸਾਰ ਝੰਡਾ ਮਾਰਚ ਵਿੱਚ ਹੁਮ ਹੁਮਾ ਕੇ ਪਹੁੰਚਿਆ ਜਾਵੇਗਾ।
ਇਸ ਸਬੰਧ ਵਿੱਚ ਬੁਲਾਰਿਆਂ ਨੇ ਆਪੋ ਆਪਣੇ ਵਿਚਾਰ ਰੱਖੇ ਅਤੇ ਅਗਲੇ ਸੰਘਰਸ਼ ਸਬੰਧੀ ਜਾਣਕਾਰੀ ਦਿੰਦਿਆਂ ਜਿਲਾ ਕੋਆਰਡੀਨੇਟਰ



ਸੁਬੇਗ ਸਿੰਘ ਅਜ਼ੀਜ਼ ਨੇ ਦੱਸਿਆ ਕਿ ਸਰਕਾਰ ਦੁਆਰਾ ਰੱਖੀ ਗਈ ਜਿਮਣੀ ਚੋਣ ਜੋ ਜਲੰਧਰ ਪੱਛਮੀ ਹਲਕਾ ਦੇ ਵਿਰੋਧ ਵਿੱਚ ਮਿਤੀ 6 ਜੁਲਾਈ 2024 ਝੰਡਾ ਮਾਰਚ ਕੀਤਾ ਜਾਵੇਗਾ ਅਤੇ ਸਰਕਾਰ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਅੱਖੋਂ ਪਰੋਖੇ ਕਰਨਾ ਤੇ ਮੰਨੀਆ ਮੰਗਾਂ ਨੂੰ ਲਾਗੂ ਨਾ ਕਰਨ ਤੇ ਜਲੰਧਰ ਵਿਖੇ ਪੰਜਾਬ ਸਰਕਾਰ ਖਿਲਾਫ ਵਿਰੋਧ ਜਾਹਿਰ ਕੀਤਾ ਜਾਵੇਗਾ।

ਮੀਟਿੰਗ ਵਿੱਚ ਬੋਲਦਿਆਂ ਰਿਟਾਇਰ ਡੀਐਸਪੀ ਜਸਪਾਲ ਸਿੰਘ ਪੁਲਿਸ ਵੈਲਫੇਅਰ ਐਸੋਸੀਏਸ਼ਨ, ਅਜੀਤ ਸਿੰਘ ਸੋਢੀ ਜਨਰਲ ਸਕੱਤਰ ਪੰਜਾਬ ਗੌਰਮੈਂਟ ਪੈਨਸ਼ਨਰ ਐਸੋਸੀਏਸ਼ਨ ਫਿਰੋਜਪੁਰ, ਕਸ਼ਮੀਰ ਸਿੰਘ ਸੂਬਾ ਜਨਰਲ ਸਕੱਤਰ ਜੇਲ ਪੈਨਸ਼ਨਰ, ਸੁਰਿੰਦਰ ਜੋਸਨ ਖਜਾਨਚੀ ਪੈਨਸ਼ਨਰ ਐਸੋਸੀਏਸ਼ਨ, ਮਨਜੀਤ ਸਿੰਘ ਜੇਲ ਪੈਨਸ਼ਨਰ, ਰਾਮ ਪ੍ਰਸਾਦ ਪੈਰਾ ਮੈਡੀਕਲ, ਹਰਬੰਸ ਸਿੰਘ ਵਣ ਵਿਭਾਗ, ਅਮੀਰ ਸਿੰਘ ਰੋਡਵੇਜ਼, ਖਜਾਨ ਸਿੰਘ ਪ੍ਰਧਾਨ ਪੈਨਸ਼ਨਰ ਐਸੋਸੀਏਸ਼ਨ ਫਿਰੋਜ਼ਪੁਰ, ਸਵਰਨਜੀਤ ਸਿੰਘ ਫੂਡ ਸਪਲਾਈ ਪੈਨਸ਼ਨਰ, ਨਰਿੰਦਰ ਸ਼ਰਮਾ ਹੈਲਥ ਵਿਭਾਗ, ਓਮ ਪ੍ਰਕਾਸ਼ ਜਰਨਲ ਸਕੱਤਰ ਆਦਿ ਨੇ ਆਪਣੇ ਵਿਚਾਰ ਦਿੱਤੇ ਗੁਰਤੇਜ਼ ਸਿੰਘ ਜਨਰਲ ਸਕੱਤਰ ਰੋਡਵੇਜ਼ ਪੈਨਸ਼ਨ ਐਸੋਸੀਏਸ਼ਨ ਆਦਿ ਨੇ ਝੰਡਾ ਮਾਰਚ ਵਿੱਚ ਗਰਮ ਜੋਸ਼ੀ ਨਾਲ ਸ਼ਾਮਲ ਹੋਣ ਲਈ ਸਹਿਮਤੀ ਪ੍ਰਗਟਾਈ, ਨਰੇਸ਼ ਸੈਣੀ ਜਨਰਲ ਸਕੱਤਰ ਸਾਂਝਾ ਫਰੰਟ ਪ੍ਰਧਾਨ ਐਗਰੀਕਲਚਰ ਵਿਭਾਗ ਨੇ ਵੀ ਮਿਤੀ 6 ਜੁਲਾਈ 24 ਦੇ ਝੰਡਾ ਮਾਰਚ ਵਿੱਚ ਹੁੰਮ ਹੁਮਾ ਕੇ ਪਹੁੰਚਣ ਦੀ ਹਿਮਾਇਤ ਪ੍ਰਗਟਾਈ। ਅੰਤ ਵਿੱਚ ਸਾਰੇ ਬੁਲਾਰਿਆਂ ਨੇ ਸਰਕਾਰ ਨੂੰ ਚੇਤਾਵਨੀ ਦਿੱਤੀ ਕੀ ਜੇ ਸਰਕਾਰ ਨੇ ਮੁਲਾਜ਼ਮਾ ਅਤੇ ਪੈਨਸ਼ਨਾਂ ਦੀਆਂ ਮੰਗਾਂ ਪ੍ਰਤੀ ਧਿਆਨ ਨਾ ਦਿੱਤਾ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।

# ਡਿਪਟੀ ਕਮਿਸ਼ਨਰ ਵੱਲੋਂ ਹਲਵਾਰਾ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਕਾਰਜ਼ਾਂ ਦੀ ਸਥਿਤੀ ਦੀ ਸਮੀਖਿਆ

ਲੁਧਿਆਣਾ, 1 ਜੁਲਾਈ (ਗਿਆਨ ਸਿੰਘ): ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਵੱਲੋਂ ਅਧਿਕਾਰੀਆਂ ਨੂੰ ਹਲਵਾਰਾ ਵਿਖੇ ਹੋਣ ਵਾਲੇ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਸਾਰੇ ਬਕਾਇਆ ਕਾਰਜ਼ਾਂ ਨੂੰ 31 ਜੁਲਾਈ ਤੱਕ ਪੂਰਾ ਕਰਨ ਦੇ ਨਿਰਦੇਸ਼ ਜਾਰੀ ਕੀਤੇ।
ਲੋਕ ਨਿਰਮਾਣ ਵਿਭਾਗ, ਪਬਲਿਕ ਹੈਲਥ, ਏ.ਏ.ਆਈ., ਐੱਨ.ਐੱਚ.ਏ.ਆਈ., ਡਰੇਨੇਜ ਦੇ ਅਧਿਕਾਰੀਆਂ ਅਤੇ ਠੇਕੇਦਾਰੀ ਕੰਪਨੀ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਭਾਰਤੀ ਹਵਾਈ ਸੈਨਾ ਕੈਂਪਸ ਵਿੱਚ ਐਪਰਨ ਅਤੇ ਟੈਕਸੀਵੇਅ ਬਣਾਉਣ ਦੀ ਰਫਤਾਰ ਨੂੰ ਤੇਜ਼ ਕਰਨ ਦੀ ਲੋੜ ਹੈ। ਉਨ੍ਹਾਂ ਇਨ੍ਹਾਂ ਕੰਮਾਂ ਨੂੰ ਜਲਦ ਤੋਂ ਜਲਦ ਮੁਕੰਮਲ ਕਰਨ ਨੂੰ ਯਕੀਨੀ ਬਣਾਉਣ ਲਈ ਕਿਹਾ। ਉਨ੍ਹਾਂ ਕਿਹਾ ਕਿ ਅੰਦਰੂਨੀ ਸੜਕਾਂ ਦੇ ਨਿਰਮਾਣ, ਜਨਤਕ ਸਿਹਤ ਸੇਵਾਵਾਂ, ਕੈਂਪਸ ਲਾਈਟਿੰਗ, ਟਰਮੀਨਲ ਬਿਲਡਿੰਗ, ਸਬ ਸਟੇਸ਼ਨ, ਟਾਇਲਟ ਬਲਾਕ ਅਤੇ ਪਾਰਕਿੰਗ ਸਮੇਤ ਕੰਮ ਮੁਕੰਮਲ ਹੋ ਗਏ ਹਨ।

ਡਿਪਟੀ ਕਮਿਸ਼ਨਰ ਵੱਲੋਂ ਸ਼ੁੱਕਰਵਾਰ ਨੂੰ ਆਈ.ਏ.ਐਫ. ਨਾਲ ਸਾਈਟ 'ਤੇ ਸਾਂਝੀ ਮੀਟਿੰਗ ਕੀਤੀ ਸੀ ਅਤੇ ਸੁਰੱਖਿਆ ਚਿੰਤਾਵਾਂ ਨੂੰ ਸੰਤੁਲਿਤ ਕਰਦੇ ਹੋਏ ਸਾਰੀਆਂ ਏਜੰਸੀਆਂ ਵਿਚਕਾਰ ਤਾਲਮੇਲ ਦੇ ਯਤਨ ਤੇਜ਼ ਕੀਤੇ ਜਾ ਰਹੇ ਸਨ। ਉਨ੍ਹਾਂ ਵਿਭਾਗਾਂ ਦੇ ਮੁਖੀਆਂ ਨੂੰ ਇਹ ਵੀ ਕਿਹਾ ਕਿ ਉਹ ਬਾਕੀ ਰਹਿੰਦੇ ਕੰਮਾਂ ਨੂੰ ਮੁਕੰਮਲ ਕਰਨ ਨੂੰ ਪ੍ਰਮੁੱਖ ਤਰਜੀਹ ਦਿੱਤੀ ਜਾਵੇ।

ਉਨ੍ਹਾਂ ਇਮਾਰਤ ਦੀ ਸੁਰੱਖਿਆ ਅਤੇ ਢਾਂਚਾਗਤ ਅਖੰਡਤਾ ਨੂੰ ਲੈ ਕੇ ਪੀ.ਡਬਲਯੂ.ਡੀ. ਦੇ ਅਧਿਕਾਰੀਆਂ ਅਤੇ ਕੰਟਰੈਕਟ ਫਰਮ ਦੇ ਨੁਮਾਇੰਦਿਆਂ ਨਾਲ ਵੀ ਗੱਲਬਾਤ ਕੀਤੀ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਉਹ ਮੌਸਮ ਦੀਆਂ ਅਸਥਿਰਤਾਵਾਂ ਦਾ ਸਾਮ੍ਹਣਾ ਕਰ ਸਕਣ। ਉਨ੍ਹਾਂ ਮੁਲਾਂਕਣ ਅਧਿਐਨ ਕਰਨ ਤੋਂ ਬਾਅਦ ਸੁਰੱਖਿਆ ਸਰਟੀਫਿਕੇਟ ਜਮ੍ਹਾ ਕਰਨ ਦੇ ਆਦੇਸ਼ ਵੀ ਦਿੱਤੇ।

ਡਿਪਟੀ ਕਮਿਸ਼ਨਰ ਸਾਹਨੀ ਨੇ ਏਅਰਪੋਰਟ ਦੇ ਸ਼ੁਰੂ ਹੋਣ 'ਤੇ ਬੇਸ ਨੂੰ ਸਾਹਨੇਵਾਲ ਤੋਂ ਹਲਵਾਰਾ ਸ਼ਿਫਟ ਕਰਨ ਦੇ ਸਬੰਧ ਵਿੱਚ ਏ.ਏ.ਆਈ. ਦੇ ਅਧਿਕਾਰੀਆਂ ਨਾਲ ਸੰਚਾਲਨ ਤਿਆਰੀ ਪ੍ਰੋਟੋਕੋਲ ਅਤੇ ਚੈਕਲਿਸਟਾਂ ਬਾਰੇ ਵੀ ਚਰਚਾ ਕੀਤੀ।

ਉਨ੍ਹਾਂ ਉਮੀਦ ਜ਼ਾਹਰ ਕੀਤੀ ਕਿ ਹਵਾਈ ਅੱਡਾ ਇੱਕ ਆਰਥਿਕ ਉਤਪ੍ਰੇਰਕ ਹੋਵੇਗਾ ਜੋ ਉਦਯੋਗਿਕ ਵਿਕਾਸ, ਨਿਰਯਾਤ, ਰੁਜ਼ਗਾਰ, ਰੀਅਲ ਅਸਟੇਟ ਅਤੇ ਹੋਰਾਂ ਨੂੰ ਹੁਲਾਰਾ ਦੇਵੇਗਾ।






# ਰਾਹੁਲ ਗਾਂਧੀ ਦੇ ਭਾਸ਼ਣ ਦੌਰਾਨ ਪ੍ਰਧਾਨ ਮੰਤਰੀ ਮੋਦੀ ਨੇ ਕਿਹਾ- ਲੋਕਤੰਤਰ ਅਤੇ ਸੰਵਿਧਾਨ ਨੇ ਮੈਨੂੰ ਸਿਖਾਇਆ ਹੈ ਕਿ ਮੈਨੂੰ ਵਿਰੋਧੀ ਧਿਰ ਦੇ ਨੇਤਾ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ

ਪੰਨਾ 1 ਦਾ ਬਾਕੀ

ਸੱਤਾਧਾਰੀ ਧਿਰ ਦੇ ਮੈਂਬਰਾਂ ਨੇ ਜ਼ੋਰਦਾਰ ਵਿਰੋਧ ਦਰਜ ਕਰਵਾਇਆ ਅਤੇ ਸਦਨ ਵਿੱਚ ਹੰਗਾਮਾ ਹੋਇਆ। ਇਸ ਤੋਂ ਬਾਅਦ ਲੋਕ ਸਭਾ ਸਪੀਕਰ ਓਮ ਬਿਰਲਾ ਨੇ ਵੀ ਦਖਲ ਦਿੰਦੇ ਹੋਏ ਰਾਹੁਲ ਗਾਂਧੀ ਨੂੰ ਕਿਹਾ ਕਿ ਸਤਿਕਾਰਯੋਗ ਵਿਰੋਧੀ ਧਿਰ ਦੇ ਨੇਤਾ, ਤੁਸੀਂ ਸਦਨ ਦੇ ਸੀਨੀਅਰ ਨੇਤਾ ਹੋ, ਮੈਂ ਤੁਹਾਨੂੰ ਬੇਨਤੀ ਕਰਦਾ ਹਾਂ ਕਿ ਦੇਸ਼ ਦੇ ਰਾਸ਼ਟਰਪਤੀ ਦੇ ਸੰਬੋਧਨ 'ਤੇ ਬਹਿਸ ਚੱਲ ਰਹੀ ਹੈ। ਰਾਸ਼ਟਰ ਦੇ ਰਾਸ਼ਟਰਪਤੀ ਦੇ ਸੰਬੋਧਨ ਦੀ ਮਰਿਆਦਾ ਨੂੰ ਕਾਇਮ ਰੱਖੋ, ਹਰ ਕੋਈ ਤੁਹਾਡੇ ਤੋਂ ਇਹ ਉਮੀਦ ਕਰਦਾ ਹੈ ਕਿ ਤੁਸੀਂ ਰਾਸ਼ਟਰਪਤੀ ਦੇ ਭਾਸ਼ਣ 'ਤੇ ਬੋਲੋ, ਨੀਤੀਆਂ 'ਤੇ ਬੋਲੋ, ਪ੍ਰੋਗਰਾਮਾਂ 'ਤੇ ਬੋਲੋ... ਤੁਸੀਂ ਨਿੱਜੀ ਤੌਰ 'ਤੇ... ਤੁਸੀਂ ਇਸ ਨੂੰ ਉਚਿਤ ਸਮਝਦੇ ਹੋ। ਜੇਕਰ ਤੁਹਾਡੀ ਪਾਰਟੀ ਇਸ ਨੂੰ ਉਚਿਤ ਸਮਝਦੀ ਹੈ ਤਾਂ ਮੇਰੇ ਕੋਲ ਕਹਿਣ ਲਈ ਕੁਝ ਨਹੀਂ ਹੈ।"

ਇਸ ਤੋਂ ਬਾਅਦ ਪ੍ਰਧਾਨ ਮੰਤਰੀ ਮੋਦੀ ਨੇ ਵੀ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਕਿਹਾ ਕਿ ਲੋਕਤੰਤਰ ਅਤੇ ਸੰਵਿਧਾਨ ਨੇ ਮੈਨੂੰ ਸਿਖਾਇਆ ਹੈ ਕਿ ਮੈਨੂੰ ਵਿਰੋਧੀ ਧਿਰ ਦੇ ਨੇਤਾ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ।

ਹਿੰਦੂ ਧਰਮ ਨੂੰ ਲੈ ਕੇ ਰਾਹੁਲ ਗਾਂਧੀ ਦੇ ਬਿਆਨ ਨੂੰ ਲੈ ਕੇ ਲੋਕ ਸਭਾ 'ਚ ਭਾਰੀ ਹੰਗਾਮਾ ਹੋਇਆ। ਰਾਹੁਲ ਗਾਂਧੀ ਨੇ ਕਿਹਾ ਕਿ ਸ਼ਿਵ ਜੀ ਕਹਿੰਦੇ ਹਨ, ਡਰੋ ਮਤ, ਡਰਾਓ ਮਤ ... ਉਹ ਵੀ ਅਭੈ ਮੁਦਰਾ ਦਿਖਾਉਂਦੇ ਹਨ... ਪਰ ਆਪਣੇ ਆਪ ਨੂੰ ਹਿੰਦੂ ਕਹਿਣ ਵਾਲੇ ਹਰ ਸਮੇਂ ਹਿੰਸਾ, ਹਿੰਸਾ, ਹਿੰਸਾ ਕਰਦੇ ਹਨ..."


**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**


















# ਸਾਬਕਾ ਡਿਪਟੀ ਮੇਅਰ ਪਰਵੇਸ਼ ਤਾਂਗੜੀ 'ਆਪ' 'ਚ ਹੋਏ ਸ਼ਾਮਿਲ

## ਪੀਐਸਐਸਸੀ ਦੇ ਸਾਬਕਾ ਡਾਇਰੈਕਟਰ ਅਤੇ ਮੌਜੂਦਾ ਐਮਸੀ ਜਗਦੀਸ਼ ਰਾਮ ਸਮਰਾਏ ਅਤੇ ਐਮਸੀ ਰਾਜ ਕੁਮਾਰ ਰਾਜੂ ਵੀ ਆਪ ਵਿੱਚ ਹੋਏ ਸ਼ਾਮਿਲ



ਜਲੰਧਰ, 1 ਜੁਲਾਈ (ਗਿਆਨ ਸਿੰਘ): ਆਮ ਆਦਮੀ ਪਾਰਟੀ (ਆਪ) ਪੰਜਾਬ ਨੇ ਸੋਮਵਾਰ ਨੂੰ ਕਾਂਗਰਸ ਨੂੰ ਉਸ ਸਮੇਂ ਵੱਡਾ ਝਟਕਾ ਦਿੱਤਾ ਜਦੋਂ ਸਾਬਕਾ ਡਿਪਟੀ ਮੇਅਰ ਪਰਵੇਸ਼ ਤਾਂਗੜੀ, ਸਾਬਕਾ ਪੀਐਸਐਸਸੀ ਡਾਇਰੈਕਟਰ ਅਤੇ ਵਾਰਡ ਨੰਬਰ 78 ਤੋਂ ਕੌਂਸਲਰ ਜਗਦੀਸ਼ ਰਾਮ ਸਮਰਾਏ ਅਤੇ ਐਮਸੀ ਰਾਜ ਕੁਮਾਰ ਰਾਜੂ ਕਾਂਗਰਸ ਛੱਡ ਕੇ 'ਆਪ' ਵਿੱਚ ਸ਼ਾਮਲ ਹੋ ਗਏ। ਜਗਦੀਸ਼ ਸਮਰਾਏ ਇੱਕ ਉੱਘੇ ਨੇਤਾ ਹਨ, ਉਹ ਪੀਪੀਸੀਸੀ ਵਿੱਚ ਕਈ ਅਹੁਦਿਆਂ 'ਤੇ ਰਹਿ ਚੁੱਕੇ ਹਨ ਅਤੇ ਪਿਛਲੇ ਕਈ ਸਾਲਾਂ ਤੋਂ ਰਾਜਨੀਤੀ ਵਿੱਚ ਸਰਗਰਮ ਹਨ। ਜਲੰਧਰ ਪੱਛਮੀ ਵਿਧਾਨ ਸਭਾ ਹਲਕੇ ਦੀ ਜ਼ਮਿਨੀ ਚੋਣ ਤੋਂ ਠੀਕ ਪਹਿਲਾਂ ਇਹਨਾਂ ਸਾਰੇ ਆਗੂਆਂ ਦਾ ਆਪਣੀ ਪਾਰਟੀਆਂ ਨੂੰ ਛੱਡ ਜਾਣਾ ਭਾਜਪਾ ਅਤੇ ਕਾਂਗਰਸ ਲਈ ਵੱਡਾ ਝਟਕਾ ਹੈ।

ਮੁੱਖ ਮੰਤਰੀ ਭਗਵੰਤ ਮਾਨ ਨੇ ਦਾਅਵਾ ਕੀਤਾ ਕਿ ਜਲੰਧਰ ਪੱਛਮੀ ਜ਼ਮਿਨੀ ਚੋਣ 'ਚ 'ਆਪ' ਵੱਡੇ ਫਰਕ ਨਾਲ ਜਿੱਤ ਦਰਜ ਕਰੇਗੀ। ਮਾਨ ਨੇ ਕਿਹਾ ਕਿ 'ਆਪ' ਵਿੱਚ ਸਾਰੀਆਂ ਪੰਜਾਬ ਪੱਖੀ ਆਵਾਜ਼ਾਂ ਦਾ ਸੁਆਗਤ ਹੈ, ਅਸੀਂ ਇੱਕ ਪਰਿਵਾਰ ਵਾਂਗ ਹਾਂ ਅਤੇ ਸਾਡਾ ਮੁੱਖ ਉਦੇਸ਼ ਉਨ੍ਹਾਂ ਸਾਰੇ ਲੋਕਾਂ ਨੂੰ ਪਲੇਟਫ਼ਾਰਮ ਦੇਣਾ ਹੈ ਜੋ ਪੰਜਾਬ ਦੀ ਤਰੱਕੀ ਲਈ ਕੰਮ ਕਰਨਾ ਚਾਹੁੰਦੇ ਹਨ। ਮਾਨ ਨੇ ਕਿਹਾ ਕਿ ਲੋਕਾਂ ਨੇ ਭਾਜਪਾ ਅਤੇ ਕਾਂਗਰਸ ਨੂੰ ਪੂਰੀ ਤਰ੍ਹਾਂ ਨਕਾਰ ਦਿੱਤਾ ਹੈ ਅਤੇ ਇਨ੍ਹਾਂ ਦੇ ਆਗੂ ਲਗਾਤਾਰ 'ਆਪ' 'ਚ ਸ਼ਾਮਲ ਹੋ ਰਹੇ ਹਨ। ਇਸ ਤੋਂ ਸਾਬਤ ਹੁੰਦਾ ਹੈ ਕਿ ਸਾਰੇ ਆਗੂ ਆਪਣਾ ਭਵਿੱਖ ਅਤੇ ਪੰਜਾਬ ਦਾ ਭਵਿੱਖ 'ਆਪ' 'ਚ ਦੇਖਦੇ ਹਨ। ਮਾਨ ਨੇ ਅੱਗੇ ਕਿਹਾ ਕਿ ਜਲੰਧਰ ਪੱਛਮੀ ਤੋਂ 'ਆਪ' ਦੇ ਉਮੀਦਵਾਰ ਮੋਹਿੰਦਰ ਭਗਤ ਇਕ ਇਮਾਨਦਾਰ ਨੇਤਾ ਹਨ, ਲੋਕ ਉਨ੍ਹਾਂ ਨੂੰ ਵੱਡੇ ਮਾਰਜਨ ਨਾਲ ਜਿਤਾਉਣਗੇ।

ਇਸ ਮੌਕੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ, ਅਮਨ ਅਰੋੜਾ, ਵਿਧਾਇਕ ਰਮਨ ਅਰੋੜਾ, ਗੁਰਪ੍ਰੀਤ ਸਿੰਘ ਬਨਾਵਾਲੀ ਅਤੇ ਬਰਿੰਦਰ ਗੋਇਲ ਵੀ ਹਾਜ਼ਰ ਸਨ।




ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Well settled Ramgarhia Family living in Winnipeg from 16 years looking for a suitable match for their son 33-year-old,5-10 Tall, clean shaved, Active in Real Estate Business and financing Business Manitoba and Ontario.
Contact number-204-510-7658 and 519-917-5055.
7Feb

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com







## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013




**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com




## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664



# ਬਰੈਂਪਟਨ ’ਚ ਮਾਰਗ ਦਰਸ਼ਕ ਅਤੇ ਪ੍ਰੇਰਨਾ ਸਰੋਤ – ਮੱਘਰ ਸਿੰਘ



ਸੁਰਜੀਤ ਸਿੰਘ ਫਲੋਰਾ

21 ਜੂਨ, 2024 ਨੂੰ, ਇੰਡੀਅਨ ਇੰਟਰਨੈਸ਼ਨਲ ਸੀਨੀਅਰਜ਼ ਕਲੱਬ ਬਰੈਂਪਟਨ ਵਲੋਂ ਅਗਲੇ ਦੋ ਸਾਲਾਂ ਲਈ ਕਲੱਬ ਦੇ ਸੰਚਾਲਨ ਲਈ ਇੱਕ ਮਹੱਤਵਪੂਰਨ ਕਾਰਜਕਾਰੀ ਕਮੇਟੀ ਲਈ ਚੋਣ ਕਰਵਾਈ ਗਈ। ਵੋਟਿੰਗ ਪ੍ਰਕਿਰਿਆ ਵਿੱਚ ਤਕਰਬੀਨ 40 ਮੈਂਬਰਾਂ ਦੇ ਭਾਗ ਲਿਆਂ, ਨਤੀਜੇ ਨੇ ਬਰੈਂਪਟਨ ਦੇ ਇੱਕ ਮਾਣਮੱਤੇ ਸੱਭਿਆਚਾਰਕ ਅਦਾਰੇ ਦੇ ਲੀਡਰਸ਼ਿਪ ਲੈਂਡਸਕੇਪ ਨੂੰ ਆਕਾਰ ਦਿੱਤਾ ਹੈ।

ਇੰਡੀਅਨ ਇੰਟਰਨੈਸ਼ਨਲ ਸੀਨੀਅਰਜ਼ ਕਲੱਬ ਬਰੈਂਪਟਨ ਨਵੀਂ ਚੁਣੀ ਗਈ ਕਾਰਜਕਾਰੀ ਕਮੇਟੀ ਵਿੱਚ ਉਹ ਵਿਅਕਤੀ ਸ਼ਾਮਲ ਹੁੰਦੇ ਹਨ ਜੋ ਆਪਣੀਆਂ ਭੂਮਿਕਾਵਾਂ ਲਈ ਬਹੁਤ ਸਾਰੇ ਅਨੁਭਵ ਅਤੇ ਵਚਨਬੱਧਤਾ ਲਿਆਉਂਦੇ ਹਨ:

ਮੱਘਰ ਸਿੰਘ ਨੇ 2001 ਤੋਂ ਕਲੱਬ ਪ੍ਰਤੀ ਆਪਣਾ ਲੰਮੇ ਸਮੇਂ ਦੇ ਸਮਰਪਣ ਨੂੰ ਜਾਰੀ ਰੱਖਦੇ ਹੋਏ ਪ੍ਰਧਾਨ ਦਾ ਅਹੁਦਾ ਸੰਭਾਲਿਆ। ਮੱਘਰ ਸਿੰਘ ਦੀ ਦੁਬਾਰਾ ਚੋਣ ਕਲੱਬ ਮੈਂਬਰਾਂ ਵਿੱਚ ਉਸਦੀ ਸਥਾਈ ਲੋਕਪ੍ਰਿਯਤਾ ਅਤੇ ਵਿਸ਼ਵਾਸ ਦੀ ਪੁਸ਼ਟੀ ਕਰਦੀ ਹੈ, ਪਿਛਲੀਆਂ ਚੋਣਾਂ ਵਿੱਚ ਸਰਬਸੰਮਤੀ ਨਾਲ ਸਮਰਥਨ ਦੁਆਰਾ ਲਗਾਤਾਰ ਪ੍ਰਧਾਨ ਵਜੋਂ ਸੇਵਾ ਨਿਭਾਉਂਦੇ ਹੋਏ।

ਇਹਨਾਂ ਚੋਣਾ ਦੌਰਾਨ ਜਿਥੇ ਮੱਘਰ ਸਿੰਘ ਪਿੱਛਲੇਂ 23 ਸਾਲਾਂ ਤੋਂ ਪ੍ਰਧਾਨਗੀ ਦੇ ਅਹੁਦੇ ਤੇ ਰਹਿ ਕਿ ਕਲੱਬ ਦੀ ਸੇਵਾ ਕਰ ਰਹੇ ਹਨ , ਉਥੇ ਹੁਣ ਹਰਜੀਤ ਸਿੰਘ ਸਿੱਧੂ ਨੇ ਮੀਤ ਪ੍ਰਧਾਨ ਦੀ ਭੂਮਿਕਾ ਵਿੱਚ ਕਦਮ ਰੱਖਿਆ ਹੈ, ਪ੍ਰਧਾਨ ਅਤੇ ਕਲੱਬ ਦੇ ਉਦੇਸ਼ਾਂ ਦਾ ਸਮਰਥਨ ਕਰਨ ਲਈ ਆਪਣੀ ਊਰਜਾ ਅਤੇ ਦ੍ਰਿਸ਼ਟੀ ਨੂੰ ਬਾਖੂਬੀ ਨਿਭਾਉਣਗੇ। ਜਿਥੇ ਕਿ ਸੋਹਣ ਸਿੰਘ ਪਰਮਾਰ ਨੇ ਜਨਰਲ ਸਕੱਤਰ ਦੀਆਂ ਜ਼ਿੰਮੇਵਾਰੀਆਂ ਸੰਭਾਲੀਆਂ, ਕਲੱਬ ਦੇ ਸੰਚਾਲਨ ਲਈ ਮਹੱਤਵਪੂਰਨ ਪ੍ਰਬੰਧਕੀ ਮਾਮਲਿਆਂ ਦੀ ਨਿਗਰਾਨੀ ਕਰਨ ਦਾ ਕੰਮ ਕਰਦੇ ਆ ਰਹੇ ਹਨ ਜਿਸ ਨੂੰ ਉਹ ਨਿਰੰਤਰ ਜਾਰੀ ਰੱਖਣਗੇ।

ਗੱਜਣ ਸਿੰਘ ਗਰੇਵਾਲ ਸਕੱਤਰ ਵਜੋਂ ਸ਼ਾਮਲ ਹੋਏ ਹਨ, ਕਲੱਬ ਦੇ ਅੰਦਰ ਸੁਚਾਰੂ ਸੰਚਾਰ ਅਤੇ ਤਾਲਮੇਲ ਨੂੰ ਯਕੀਨੀ ਬਣਾਉਣ ਲਈ ਆਪਣੇ ਸੰਗਠਨਾਤਮਕ ਹੁਨਰ ਦਾ ਯੋਗਦਾਨ ਪਾਉਣਗੇ ਅਤੇ ਗੁਰਦਰਸ਼ਨ ਸਿੰਘ ਸੋਮਲ ਨੇ ਖਜ਼ਾਨਚੀ ਦੀ ਭੂਮਿਕਾ ਨਿਭਾਈ, ਜਿਸ ਨੂੰ ਕਲੱਬ ਦੀ ਵਿੱਤੀ ਸਿਹਤ ਅਤੇ ਸਰੋਤਾਂ ਦਾ ਪ੍ਰਬੰਧਨ ਕਰਨ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਮਹਿੰ-ਦਰ ਸਿੰਘ ਗਿੱਲ ਆਡੀਟਰ ਵਜੋਂ ਕੰਮ ਕਰਦਾ ਹੈ, ਜੋ ਵਿੱਤੀ ਪਾਰਦਰਸ਼ਤਾ ਅਤੇ ਜਵਾਬਦੇਹੀ ਨੂੰ ਯਕੀਨੀ ਬਣਾਉਣ ਲਈ ਜ਼ਿੰਮੇਵਾਰ ਨਿਭਾਉਣਗੇ।

ਇਸ ਤੋਂ ਇਲਾਵਾ ਨਵੇਂ ਚੁਣੇ ਗਏ ਡਾਇਰੈਕਟਰਾਂ ਵਿੱਚ ਸ਼ਮਸ਼ੇਰ ਸਿੰਘ ਬਾਠ, ਭਜਨ ਸਿੰਘ ਰੰਧਾਵਾ, ਜਗਦੇਵ ਸਿੰਘ ਅਟਵਾਲ, ਮਿਹਰਵੰਤ ਸਿੰਘ ਗਿੱਲ ਅਤੇ ਦਵਿੰ-ਦਰ ਸਿੰਘ ਸ਼ਾਮਲ ਹਨ। ਹਰੇਕ ਨਿਰਦੇਸ਼ਕ ਵਿਲੱਖਣ ਦ੍ਰਿਸ਼ਟੀਕੋਣ ਅਤੇ ਮੁਹਾਰਤ ਲਿਆਉਂਦਾ ਹੈ ਜੋ ਕਲੱਬ ਦੀਆਂ ਪਹਿਲਕਦਮੀਆਂ ਅਤੇ ਕਮਿਊਨਿਟੀ ਆਊਟਰੀਚ ਯਤਨਾਂ ਨੂੰ ਭਰਪੂਰ ਕਰੇਗਾ।

ਪ੍ਰਧਾਨ ਮੱਘਰ ਸਿੰਘ ਦੀ ਮੁੜ ਚੋਣ ਉਨ੍ਹਾਂ ਦੇ ਨਿਰੰਤਰ ਸਮਰਪਣ ਅਤੇ ਪ੍ਰਭਾਵਸ਼ਾਲੀ ਲੀਡਰਸ਼ਿਪ ਨੂੰ ਉਜਾਗਰ ਕਰਦੀ ਹੈ, ਜੋ ਕਲੱਬ ਦੀ ਚੱਲ ਰਹੀ ਸਫਲਤਾ ਅਤੇ ਵਿਕਾਸ ਲਈ ਇੱਕ ਲੱਮਾਂ ਪੈਂਡਾ ਤਹਿ ਕਰਦੀ ਹੈ। 5 ਅਕਤੂਬਰ, 1934 ਨੂੰ ਪਿੰਡ ਬੁਰਜ, ਜ਼ਿਲ੍ਹਾ ਲੁਧਿਆਣਾ, ਪੰਜਾਬ, ਭਾਰਤ ਵਿੱਚ ਜਨਮੇ ਮੱਘਰ ਸਿੰਘ ਦਾ ਸਫ਼ਰ ਸਮਾਜ ਸੇਵਾ ਅਤੇ ਲੀਡਰਸ਼ਿਪ ਪ੍ਰਤੀ ਦ੍ਰਿੜ ਵਚਨਬੱਧਤਾ ਦੁਆਰਾ ਦਰਸਾਇਆ ਗਿਆ ਹੈ।



ਆਪਣੀ ਸਿੱਖਿਆ ਪੂਰੀ ਕਰਨ ਤੋਂ ਬਾਅਦ, ਉਸਨੇ ਕਈ ਦਹਾਕੇ ਲੋਕ ਸੇਵਾ ਨੂੰ ਸਮਰਪਿਤ ਕੀਤੇ, 1956 ਵਿੱਚ ਆਬਕਾਰੀ ਅਤੇ ਕਰ ਵਿਭਾਗ ਵਿੱਚ ਭਰਤੀ ਹੋਏ ਅਤੇ ਆਪਣੇ ਜਨਮ ਦਿਨ, ਅਕਤੂਬਰ 5, 1992 ਨੂੰ ਸੇਵਾਮੁਕਤ ਹੋਏ।

1994 ਵਿੱਚ, ਮੱਘਰ ਸਿੰਘ ਨੇ ਕੈਨੇਡਾ ਵਿੱਚ ਇੱਕ ਨਵਾਂ ਅਧਿਆਏ ਸ਼ੁਰੂ ਕੀਤਾ, 24 ਜੁਲਾਈ ਨੂੰ ਦੇਸ਼ ਵਿੱਚ ਪਰਵਾਸ ਕੀਤਾ। ਕਮਿਊਨਿਟੀ ਅਤੇ ਸੱਭਿਆਚਾਰ ਲਈ ਉਸਦੇ ਜਨੂੰਨ ਨੇ ਉਸਨੂੰ 2001 ਵਿੱਚ ਸਥਾਨਕ ਗੁਰਦੁਆਰੇ ਦੇ ਦੌਰੇ ਦੌਰਾਨ ਇੰਡੀਅਨ ਇੰਟਰਨੈਸ਼ਨਲ ਸੀਨੀਅਰਜ਼ ਕਲੱਬ ਬਰੈਂਪਟਨ ਦੀ ਖੋਜ਼ ਕਰਨ ਲਈ ਅਗਵਾਈ ਕੀਤੀ, ਜਿੱਥੇ ਉਹ ਜਲਦੀ ਹੀ ਇੱਕ ਅਨਿੱਖੜਵਾਂ ਮੈਂਬਰ ਬਣ ਗਿਆ।

ਲੀਡਰਸ਼ਿਪ ਸੰਭਾਲਦਿਆਂ ਹੀ ਮੱਘਰ ਸਿੰਘ ਨੇ ਕਲੱਬ ਦੀ ਕਿਸਮਤ ਬਦਲ ਦਿੱਤੀ, ਜੋ ਉਸ ਸਮੇਂ ਸੰਘਰਸ਼ ਕਰ ਰਹੀ ਸੀ। ਉਸਦੀ ਦੂਰਦਰਸ਼ੀ ਅਗਵਾਈ ਅਤੇ ਸਮਰਪਣ ਨੇ ਸੰਸਥਾ ਨੂੰ ਮੁੜ ਸੰਜ਼ੀਵਨੀ ਬੂਟੀ ਦਾ ਕੰਮ ਕਰਦੇ ਹੋਏ ਸੁਰਜੀਤ ਕੀਤਾ, ਉਹਨਾਂ ਨੇ ਬਰੈਂਪਟਨ ਵਿੱਚ ਬਜ਼ੁਰਗਾਂ ਲਈ ਇੱਕ ਜੀਵੰਤ ਹੱਬ ਕਾਇਮ ਕਰ ਦਿੱਤਾ। ਉਸਦੀ ਅਗਵਾਈ ਹੇਠ, ਕਲੱਬ ਨੇ ਸਾਲਾਂ ਦੌਰਾਨ 15 ਸੀਨੀਅਰ ਫਨ ਫੇਅਰ ਮੇਲਿਆਂ, ਕਈ ਯਾਤਰਾਵਾਂ, ਵਰਕਸ਼ਾਪਾਂ, ਅਤੇ ਰੁਝੇਵੇਂ ਵਾਲੀਆਂ ਗਤੀਵਿਧੀਆਂ ਦੀ ਮੇਜ਼ਬਾਨੀ ਅਤੇ ਆਯੋਜਨ ਕੀਤੇ ਹਨ।

ਮੱਘਰ ਸਿੰਘ ਦਾ ਪ੍ਰਭਾਵ ਸਿਰਫ਼ ਸਮਾਗਮਾਂ ਦੇ ਆਯੋਜਨ ਤੋਂ ਪਰੇ ਹੈ। ਉਸਨੇ ਬਜ਼ੁਰਗਾਂ ਵਿੱਚ ਆਪਸੀ ਸਾਂਝ ਦੀ ਭਾਵਨਾ ਪੈਦਾ ਕੀਤੀ ਹੈ, ਜੀਵਨ ਪ੍ਰਤੀ ਉਹਨਾਂ ਦੇ ਨਜ਼ਰੀਏ ਨੂੰ ਬਦਲਿਆ ਹੈ ਅਤੇ ਸਮਾਜਿਕ ਪਰਸਪਰ ਪ੍ਰਭਾਵ ਅਤੇ ਆਪਸੀ ਸਹਿਯੋਗ ਲਈ ਇੱਕ ਸੁਆਗਤ ਸਥਾਨ ਬਣਾਇਆ ਹੈ। ਕਮਿਊਨਿਟੀ ਸੇਵਾ ਪ੍ਰਤੀ ਉਸਦੀ ਵਚਨਬੱਧਤਾ ਬਜ਼ੁਰਗਾਂ ਨੂੰ ਨੌਕਰਸ਼ਾਹੀ ਪ੍ਰਕਿਰਿਆਵਾਂ ਨੂੰ ਨੈਵੀਗੇਟ ਕਰਨ, ਅਰਜ਼ੀਆਂ ਭਰਨ, ਅਤੇ ਉਹਨਾਂ ਦੀਆਂ ਲੋੜਾਂ ਦੀ ਵਕਾਲਤ ਕਰਨ ਵਿੱਚ ਮਦਦ ਕਰਨ ਵਿੱਚ ਉਸਦੀ ਸਹਾਇਤਾ ਦੁਆਰਾ ਹੋਰ ਪ੍ਰਦਰਸ਼ਿਤ ਕੀਤੀ ਜਾਂਦੀ ਹੈ।

ਉਹ ਨਵੇਂ ਆਏ ਪੰਜਾਬ ਤੋਂ ਬਜ਼ੁਰਗਾਂ ਲਈ ਬਹੁਤ ਲਾਹੇਬੰਦ ਸਾਬਿਤ ਹੁੰਦੇ ਹਨ ਜਿਥੇ ਉਹ ਉਹਨਾਂ ਨੂੰ ਆਪਣਾ ਜੀਵਨ ਸ਼ੁਰੂ ਕਰਨ ਲਈ ਹਰ ਤਰ੍ਹਾਂ ਦੇ ਪੇਪਰ ਭਰ ਕੇ ਦਿੰਦੇ ਹਨ। ਜਿਵੇਂ ਕਿ ਹੈਲਥ ਕਾਰਡ, ਸ੍ਰੋਸਲ ਇੰਨਸੋਰਸਨ ਕਾਰਡ, ਤੇ ਦਵਾਇਆ ਆਦਿ ਦੇ ਕਾਰਨ ਪ੍ਰਾਪਤ ਕਰਨ ਦੀ ਸੇਵਾ ਲਈ ਹਮੇਸ਼ਾ ਤੱਤ ਪਰ ਰਹੇ ਹਨ।

ਵਕਾਲਤ ਅਤੇ ਭਾਈਵਾਲੀ ਦੀ ਮਹੱਤਤਾ ਨੂੰ ਪਛਾਣਦੇ ਹੋਏ, ਮੱਘਰ ਸਿੰਘ ਨੇ ਕਲੱਬ ਲਈ ਗ੍ਰਾਂਟਾਂ ਅਤੇ ਲਾਭਾਂ ਨੂੰ ਸੁਰੱਖਿਅਤ ਕਰਨ ਲਈ ਸੰਸਦ ਦੇ ਮੈਂਬਰਾਂ ਅਤੇ ਸ਼ਹਿਰ ਦੇ ਕੌਂਸਲਰਾਂ ਨਾਲ ਸਰਗਰਮੀ ਨਾਲ ਨੈਟਵਰਕ ਕੀਤਾ ਹੈ। ਇਹਨਾਂ ਯਤਨਾਂ ਨੇ ਬਜ਼ੁਰਗਾਂ ਨੂੰ ਭਰਪੂਰ ਅਨੁਭਵਾਂ ਅਤੇ ਵਧੀਆਂ ਸਹੂਲਤਾਂ ਦਾ ਆਨੰਦ ਲੈਣ ਦੇ ਯੋਗ ਬਣਾਇਆ ਹੈ।

ਕੋਵਿਡ-19 ਮਹਾਂਮਾਰੀ ਦੇ ਚੁਣੌਤੀਪੂਰਨ ਸਮੇਂ ਦੌਰਾਨ ਮੱਘਰ ਸਿੰਘ ਦੀ ਅਗਵਾਈ ਨੇ ਹਰ ਸੀਨੀਅਰਜ਼ ਪੂਰਾ ਪੂਰਾ ਸਹਿਯੋਗ ਦਿਤਾ। ਉਸਨੇ ਟੀਕਾਕਰਨ ਦੀ ਸਹੂਲਤ ਦਿੱਤੀ ਅਤੇ ਬਜ਼ੁਰਗਾਂ ਨੂੰ ਜ਼ਰੂਰੀ ਸਹਾਇਤਾ ਪ੍ਰਦਾਨ ਕੀਤੀ, ਇਹ ਯਕੀਨੀ ਬਣਾਉਂਦੇ ਹੋਏ ਕਿ ਉਨ੍ਹਾਂ ਨੂੰ ਮਹਾਂਮਾਰੀ ਦੇ ਮੁਸ਼ਕਲ ਪੜਾਵਾਂ ਦੌਰਾਨ ਲੋੜੀਂਦੀ ਸਹਾਇਤਾ ਪ੍ਰਾਪਤ ਹੋਵੇ।

ਮੱਘਰ ਸਿੰਘ ਦੀ ਯਾਤਰਾ ਲਚਕੀਲੇਪਣ, ਭਾਈਚਾਰਕ ਭਾਵਨਾ ਅਤੇ ਅਟੁੱਟ ਸਮਰਪਣ ਦਾ ਪ੍ਰਮਾਣ ਹੈ। ਉਸਦੇ ਯੋਗਦਾਨ ਨੇ ਨਾ ਸਿਰਫ ਇੰਡੀਅਨ ਇੰਟਰਨੈਸ਼ਨਲ ਸੀਨੀਅਰਜ਼ ਕਲੱਬ ਬਰੈਂਪਟਨ ਨੂੰ ਬਦਲਿਆ ਹੈ ਬਲਕਿ ਕਮਿਊਨਿਟੀ ਦੇ ਅਣਗਿਣਤ ਬਜ਼ੁਰਗਾਂ ਦੇ ਜੀਵਨ ਨੂੰ ਵੀ ਅਮੀਰ ਬਣਾਇਆ ਹੈ। ਜਿਵੇਂ ਕਿ ਉਹ ਜਨੂੰਨ ਅਤੇ ਉਦੇਸ਼ ਨਾਲ ਅਗਵਾਈ ਕਰਨਾ ਜਾਰੀ ਰੱਖਦਾ ਹੈ ਮੱਘਰ ਸਿੰਘ ਸਾਰਿਆਂ ਲਈ ਮਾਰਗ ਦਰਸ਼ਕ ਅਤੇ ਪ੍ਰੇਰਨਾ ਸਰੋਤ ਬਣੇ ਹੋਏ ਹਨ। ਜਿਸ ਨੂੰ ਸਾਰੇ ਕਲੱਬ ਮੈਂਬਰ ਹੀ ਨਹੀਂ ਬੱਲਕੇ ਸਾਰੇ ਪੰਜਾਬੀ ਭਾਈਚਾਰੇ ਵਲੋਂ ਬਰੈਂਪਟਨ ਵਿਚ ਸਲਾਹਿਆਂ ਜਾਂਦਾ ਹੈ।

# ਪੰਜਾਬ ਦੇ ਸਿਹਤ ਮੰਤਰੀ ਨੇ ਇੱਕੋ-ਜਿਹੇ ਸਾਲਟ ਵਾਲੀਆਂ ਦਵਾਈਆਂ ਦੀਆਂ ਕੀਮਤਾਂ ਵਿੱਚ ਬਰਾਬਰਤਾ ਲਿਆਉਣ ਦੀ ਕੀਤੀ ਹਮਾਇਤ

## ਉੱਤਰੀ ਰਾਜਾਂ ਦੇ ਡਰੱਗ ਰੈਗੂਲੇਟਰਾਂ ਦੀ ਕਾਰਜ ਕੁਸ਼ਲਤਾ ਅਤੇ ਸਮਰੱਥਾ ਵਧਾਉਣ ’ਤੇ ਅਧਾਰਤ 4ਵੇਂ ਖੇਤਰੀ ਸਿਖਲਾਈ ਪ੍ਰੋਗਰਾਮ ਦਾ ਕੀਤਾ ਉਦਘਾਟਨ



ਚੰਡੀਗੜ੍ਹ, 1 ਜੁਲਾਈ (ਗਿਆਨ ਸਿੰਘ): ਦੇਸ਼ ਦੇ ਲੱਖਾਂ ਲੋਕਾਂ ਲਈ ਸਸਤੀਆਂ ਤੇ ਮਿਆਰੀ ਦਵਾਈਆਂ ਮੁਹੱਈਆ ਕਰਾਉਣ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ, ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ: ਬਲਬੀਰ ਸਿੰਘ ਨੇ ਸੋਮਵਾਰ ਨੂੰ ਵੱਖ-ਵੱਖ ਬ੍ਰਾਂਡਾਂ ਹੇਠ ਉਪਲਬਧ ਦਵਾਈਆਂ, ਜਿਨ੍ਹਾਂ ਦੇ ਸਾਲਟ ਇੱਕੋ ਜਿਹੇ ਹਨ, ਦੀਆਂ ਕੀਮਤਾਂ ਵਿੱਚ ਅਸਮਾਨਤਾਵਾਂ ਦਾ ਮੁੱਦਾ ਉਠਾਇਆ।

ਸਿਹਤ ਮੰਤਰੀ, ਇੱਥੇ ਹੋਟਲ ਪਾਰਕ ਵਿਊ ਵਿਖੇ ਕੇਂਦਰੀ ਡਰੱਗ ਸਟੈਂਡਰਡਜ਼ ਕੰਟਰੋਲ ਆਰਗੇਨਾਈਜ਼ੇਸ਼ਨ (ਸੀਡੀਐਸਸੀਓ), ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ, ਭਾਰਤ ਸਰਕਾਰ ਅਤੇ ਫੂਡ ਐਂਡ ਡਰੱਗਜ਼ ਐਡਮਿਨਿਸਟਰੇਸ਼ਨ, ਪੰਜਾਬ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ‘ ਉੱਤਰੀ ਰਾਜਾਂ ਦੇ ਡਰੱਗ ਰੈਗੂਲੇਟਰਾਂ ਦੀ ਸਮਰੱਥਾ ਨਿਰਮਾਣ’ ਵਿਸ਼ੇ ’ਤੇ ਅਧਾਰਤ ਤਿੰਨ ਦਿਨਾਂ ਚੌਥੇ ਖੇਤਰੀ ਸਿਖਲਾਈ ਪ੍ਰੋਗਰਾਮ ਦੇ ਉਦਘਾਟਨੀ ਸੈਸ਼ਨ ਨੂੰ ਸੰਬੋਧਨ ਕਰ ਰਹੇ ਸਨ। ਇਸ ਮੌਕੇ ਜੁਆਇੰਟ ਡਰੱਗਜ਼ ਕੰਟਰੋਲਰ (ਭਾਰਤ) ਡਾ: ਐਸ. ਈਸਵਰਾ ਰੈਡੀ, ਸਕੱਤਰ ਸਿਹਤ-ਕਮ-ਕਮਿਸ਼ਨਰ ਫੂਡ ਐਂਡ ਡਰੱਗਜ਼ ਐਡਮਿਨਿਸਟਰੇਸ਼ਨ ਪੰਜਾਬ ਡਾ: ਅਭਿਨਵ ਤ੍ਰਿਖਾ ਅਤੇ ਸੰਯੁਕਤ ਕਮਿਸ਼ਨਰ (ਡਰੱਗਜ਼) ਪੰਜਾਬ ਸੰਜੀਵ ਕੁਮਾਰ ਵੀ ਹਾਜ਼ਰ ਸਨ।

ਡਾ.ਬਲਬੀਰ ਸਿੰਘ ਨੇ ਸਾਰੀਆਂ ਦਵਾਈਆਂ ਦੀਆਂ ਕੀਮਤਾਂ ਵਿੱਚ ਬਰਾਬਰਤਾ ਲਿਆਉਣ ਦੀ ਲੋੜ ’ਤੇ ਜ਼ੋਰ ਦਿੰਦਿਆਂ ਕਿਹਾ ਕਿ ਇਨ੍ਹਾਂ ਮੁੱਦਿਆਂ ਵੱਲ ਕੇਂਦਰ ਸਰਕਾਰ ਨੂੰ ਧਿਆਨ ਦੇਣ ਦੀ ਲੋੜ ਹੈ। ਉਨ੍ਹਾਂ ਕਿਹਾ, “ਮੈਂ ਪਹਿਲਾਂ ਹੀ ਇਹ ਮੁੱਦਾ ਕੇਂਦਰੀ ਸਿਹਤ ਮੰਤਰੀ ਕੋਲ ਉਠਾ ਚੁੱਕਿਆ ਹਾਂ,”।

ਸਿਹਤ ਮੰਤਰੀ ਨੇ ਬਜ਼ਾਰ ਵਿੱਚ ਉਪਲਬਧ ਦਵਾਈਆਂ ਦੀ ਗੁਣਵੱਤਾ ਬਾਰੇ ਵੀ ਚਿੰਤਾ ਜ਼ਾਹਰ ਕੀਤੀ ਅਤੇ ਸੰਯੁਕਤ ਡਰੱਗ ਕੰਟਰੋਲਰ (ਭਾਰਤ) ਨੂੰ ਇਸ ਮੁੱਦੇ ਨਾਲ ਨਜਿੱਠਣ ਲਈ ਕੋਈ ਠੋਸ ਨੀਤੀ ਬਣਾਉਣ ਦੀ ਅਪੀਲ ਕੀਤੀ।

ਉਨ੍ਹਾਂ ਕਿਹਾ ਕਿ ਭਾਰਤੀ ਫਾਰਮਾਸਿਊਟੀਕਲ ਉਦਯੋਗ ਨੇ ਵਿਸ਼ਵ ਭਰ ਵਿੱਚ ਉੱਚ ਗੁਣਵੱਤਾ, ਕਿਫਾਇਤੀ ਅਤੇ ਆਸਾਨੀ ਨਾਲ ਪ੍ਰਾਪਤ ਹੋਣ ਵਾਲੀਆਂ ਦਵਾਈਆਂ ਨੂੰ ਯਕੀਨੀ ਬਣਾ ਕੇ ਵਿਸ਼ਵ ਸਿਹਤ ਸੰਭਾਲ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ। ਉਹਨਾਂ ਅੱਗੇ ਕਿਹਾ ਕਿ ਭਾਰਤ ਨੂੰ ਗੁਣਵੱਤਾ ਵਾਲੇ ਜੈਨਰਿਕ ਕਿਫਾਇਤੀ ਮੈਡੀਕਲ ਉਤਪਾਦਾਂ ਲਈ ਵਿਸ਼ਵ ਫਾਰਮੇਸੀ ਵਜੋਂ ਜਾਣਿਆ ਜਾਂਦਾ ਹੈ।

ਡਾ. ਬਲਬੀਰ ਸਿੰਘ ਨੇ ਕਿਹਾ, “ਭਾਰਤ ਜੈਨਰਿਕ ਦਵਾਈਆਂ ਦੇ ਲਿਹਾਜ਼ ਨਾਲ ਤੀਜਾ ਸਭ ਤੋਂ ਵੱਡਾ ਉਤਪਾਦਕ ਹੈ ਅਤੇ ਮੁੱਲ ਦੇ ਲਿਹਾਜ਼ ਨਾਲ 10ਵੇਂ ਨੰਬਰ ’ਤੇ ਹੈ। ਦੁਨੀਆ ਵਿੱਚ ਮਰੀਜ਼ਾਂ ਵੱਲੋਂ ਵਰਤੀ ਜਾਂਦੀ ਦਵਾਈ ਦੀ ਲਗਭਗ ਹਰ 5ਵੀਂ ਗੋਲੀ ਭਾਰਤ ਵਿੱਚ ਬਣਾਈ ਜਾਂਦੀ ਹੈ।

ਕਮਿਸ਼ਨਰ ਐਫ.ਡੀ.ਏ, ਪੰਜਾਬ, ਡਾ. ਅਭਿਨਵ ਤ੍ਰਿਖਾ ਨੇ ਡਰੱਗਜ਼ ਐਂਡ ਕਾਸਮੈਟਿਕਸ ਐਕਟ/ਨਿਯਮਾਂ ਦੀਆਂ ਵਿਵਸਥਾਵਾਂ ਨੂੰ ਬਿਹਤਰ ਢੰਗ ਨਾਲ ਲਾਗੂ ਕਰਨ ਲਈ ਆਨਲਾਈਨ ਲਾਇਸੈਂਸ, ਦਵਾਈਆਂ ਦੀ ਗੁਣਵੱਤਾ ਅਤੇ ਰੈਗੂਲੇਟਰੀ ਇਨਫੋਰਸਮੈਂਟ ਸਮੇਤ ਭਾਰਤ ਸਰਕਾਰ ਨਾਲ ਰਾਜਾਂ ਦੇ ਵੱਖ-ਵੱਖ ਸਾਂਝੇ ਮੁੱਦਿਆਂ ਨੂੰ ਹੱਲ ਕਰਨ ਲਈ ਇੱਕ ਸਮਰਪਿਤ ਪਲੇਟਫਾਰਮ ਵਿਕਸਤ ਕਰਨ ਦੀ ਲੋੜ ’ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਇਨਫੋਰਸਮੈਂਟ ਅਫਸਰਾਂ ਦੇ ਹੁਨਰ ਅਤੇ ਸ਼ਖਸੀਅਤੀ ਵਿਕਾਸ ਲਈ ਅਜਿਹੇ ਸਿਖਲਾਈ ਪ੍ਰੋਗਰਾਮਾਂ ਦੀ ਮਹੱਤਤਾ ’ਤੇ ਵੀ ਜ਼ੋਰ ਦਿੱਤਾ ਅਤੇ ਸੀ.ਡੀ.ਐੱਸ.ਸੀ.ਓ. ਨੂੰ ਨਿਯਮਿਤ ਤੌਰ ’ਤੇ ਅਜਿਹੇ ਸਮਾਗਮਾਂ ਦਾ ਪ੍ਰਬੰਧ ਕਰਨ ਦੀ ਅਪੀਲ ਕੀਤੀ।

ਜ਼ਿਕਰਯੋਗ ਹੈ ਕਿ ਡਰੱਗਜ਼ ਰੈਗੂਲੇਟਰਾਂ ਦੀ ਸਮਰੱਥਾ ਵਧਾਉਣ ਲਈ ਪੰਜਾਬ, ਜੰਮੂ-ਕਸ਼ਮੀਰ, ਉੱਤਰਾਖੰਡ, ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਦੇ 75 ਡਰੱਗ ਕੰਟਰੋਲ ਅਫਸਰਾਂ ਲਈ ਇਹ ਤਿੰਨ ਰੋਜ਼ਾ ਸਿਖਲਾਈ ਪ੍ਰੋਗਰਾਮ ਕਰਵਾਇਆ ਜਾ ਰਿਹਾ ਹੈ। ਇਸ ਸਿਖਲਾਈ ਦੌਰਾਨ ਵੱਖ-ਵੱਖ ਬੁਲਾਰੇ ਜਿਨ੍ਹਾਂ ਵਿੱਚ ਜੇਡੀਸੀ (1), ਸੀ.ਡੀ.ਐੱਸ.ਸੀ.ਓ. (ਮੁੱਖ ਦਫ਼ਤਰ), ਨਵੀਂ ਦਿੱਲੀ ਡਾ. ਐਸ.ਈ. ਰੈਡੀ, ਸਾਬਕਾ ਡਰੱਗ ਕੰਟਰੋਲਰ ਓਡੀਸ਼ਾ ਹਰੁਸ਼ੀਕੇਸ਼ ਮਹਾ-ਪਾਤਰਾ, ਐਸੋਸੀਏਟ ਡਾਇਰੈਕਟਰ-ਕੁਆਲਟੀ ਆਪ੍ਰੇਸ਼ਨ ਹੈੱਡ, ਮੈਸਰਜ਼ ਸਿਪਲਾ ਲਿਮਟਿਡ ਸੌਰਵ ਘੋਸ਼, ਡੀ.ਜੀ.ਐਮ.- ਸਾਈਟ ਕੁਆਲਿਟੀ ਅਸ਼ੋਰੈਂਸ, ਮੈਸਰਜ਼ ਸਨ ਫਾਰਮਾ ਰਿਸ਼ੀ ਕੰਸਾਰਾ, ਅਤੇ ਐਨਪੀਪੀਏ ਦੇ ਹੋਰ ਅਧਿਕਾਰੀ ਭਾਗੀਦਾਰਾਂ ਲਈ ਸਿਖਲਾਈ ਸੈਸ਼ਨ ਆਯੋਜਿਤ ਕਰਨਗੇ।

# ਜਲੰਧਰ 'ਚ ਆਮ ਆਦਮੀ ਪਾਰਟੀ ਨੂੰ ਮਿਲੀ ਵੱਡੀ ਮਜ਼ਬੂਤੀ, ਭਾਜਪਾ-ਕਾਂਗਰਸ ਤੇ ਅਕਾਲੀ ਦਲ ਦੇ ਵੱਡੇ ਆਗੂ 'ਆਪ' 'ਚ ਹੋਏ ਸ਼ਾਮਿਲ

-ਭਾਜਪਾ ਨੂੰ ਵੱਡਾ ਝਟਕਾ, ਜਲੰਧਰ ਦੇ ਸਾਬਕਾ ਸੀਨੀਅਰ ਡਿਪਟੀ ਮੇਅਰ ਕਮਲਜੀਤ ਭਾਟੀਆ ਆਮ ਆਦਮੀ ਪਾਰਟੀ ਵਿੱਚ ਸ਼ਾਮਲ
-ਪੰਜਾਬ ਭਾਜਪਾ ਅਨੁਸੂਚਿਤ ਜਾਤੀ ਮੋਰਚਾ ਦੇ ਸਾਬਕਾ ਮੀਤ ਪ੍ਰਧਾਨ ਪਵਨ ਕੁਮਾਰ ਵੀ ਪਾਰਟੀ ਵਿੱਚ ਹੋਏ ਸ਼ਾਮਲ

ਜਲੰਧਰ, 1 ਜੁਲਾਈ (ਗਿਆਨ ਸਿੰਘ): ਜਲੰਧਰ ਪੱਛਮੀ ਵਿਧਾਨ ਸਭਾ ਜ਼ਮਿਨੀ ਚੋਣ ਤੋਂ ਪਹਿਲਾਂ ਜਲੰਧਰ ਦੇ ਕਈ ਇਲਾਕਿਆਂ 'ਚ ਆਮ ਆਦਮੀ ਪਾਰਟੀ (ਆਪ) ਨੂੰ ਵੱਡੀ ਮਜ਼ਬੂਤੀ ਮਿਲੀ ਹੈ। ਜਲੰਧਰ ਸ਼ਹਿਰ 'ਚ 'ਆਪ' ਨੇ ਭਾਜਪਾ ਨੂੰ ਵੱਡਾ ਝਟਕਾ ਦਿੱਤਾ ਹੈ। ਸੋਮਵਾਰ ਨੂੰ ਭਾਜਪਾ ਆਗੂ ਅਤੇ ਜਲੰਧਰ ਨਗਰ ਨਿਗਮ ਦੇ ਸਾਬਕਾ ਸੀਨੀਅਰ ਡਿਪਟੀ ਮੇਅਰ ਕਮਲਜੀਤ ਭਾਟੀਆ ‘ਆਪ’ ਵਿੱਚ ਸ਼ਾਮਿਲ ਹੋ ਗਏ।





ਜਲੰਧਰ 'ਚ ਭਾਜਪਾ ਨੂੰ ਇਕ ਹੋਰ ਝਟਕਾ ਲੱਗਾ ਹੈ। ਭਾਜਪਾ ਪੰਜਾਬ ਅਨੁਸੂਚਿਤ ਜਾਤੀ ਮੋਰਚਾ ਦੇ ਸਾਬਕਾ ਮੀਤ ਪ੍ਰਧਾਨ ਪਵਨ ਕੁਮਾਰ ਵੀ ਪਾਰਟੀ ਵਿੱਚ ਸ਼ਾਮਲ ਹੋਏ। ਰਾਜਨੀਤੀ ਦੇ ਨਾਲ-ਨਾਲ ਪਵਨ ਕੁਮਾਰ ਕਈ ਧਾਰਮਿਕ ਅਤੇ ਸਮਾਜਿਕ ਗਤੀਵਿਧੀਆਂ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੇ ਰਹੇ ਹਨ। ਉਹ ਭਗਵਾਨ ਵਾਲਮੀਕਿ ਧਰਮ ਪ੍ਰਚਾਰ ਸਭਾ ਦੇ ਸੂਬਾ ਪ੍ਰਧਾਨ ਹਨ। ਮੁੱਖ ਮੰਤਰੀ ਭਗਵੰਤ ਮਾਨ ਨੇ ਉਨ੍ਹਾਂ ਨੂੰ ਪਾਰਟੀ ਵਿੱਚ ਸ਼ਾਮਲ ਕਰਾਇਆ।

ਆਮ ਆਦਮੀ ਪਾਰਟੀ ਨੇ ਅਕਾਲੀ ਦਲ ਨੂੰ ਵੀ ਵੱਡਾ ਝਟਕਾ ਦਿੱਤਾ ਹੈ। ਦੋਆਬੇ ਦੇ ਉੱਘੇ ਦਲਿਤ ਆਗੂ ਵਿਜੇ ਦਾਨਵ ਆਪਣੇ ਸੈਂਕੜੇ ਸਮਰਥਕਾਂ ਸਮੇਤ ‘ਆਪ’ ਵਿੱਚ ਸ਼ਾਮਲ ਹੋ ਗਏ। ਨਕੋਦਰ ਤੋਂ 'ਆਪ' ਵਿਧਾਇਕ ਇੰਦਰਜੀਤ ਕੌਰ ਦੀ ਮੌਜੂਦਗੀ 'ਚ ਮੁੱਖ ਮੰਤਰੀ ਭਗਵੰਤ ਮਾਨ ਨੇ ਵਿਜੇ ਦਾਨਵ ਅਤੇ ਸਾਥੀਆਂ ਨੂੰ ਪਾਰਟੀ 'ਚ ਸ਼ਾਮਲ ਕੀਤਾ।

‘ਸ੍ਰੀ ਗੁਰੂ ਗਿਆਨ ਨਾਥ ਸ਼ਾਂਤੀ ਸੈਨਾ’ ਦੇ ਸੂਬਾ ਪ੍ਰਧਾਨ ਧਰਮਿੰਦਰ ਗਿੱਲ ਵੀ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਮੁੱਖ ਮੰਤਰੀ ਭਗਵੰਤ ਮਾਨ ਨੇ ਉਨ੍ਹਾਂ ਨੂੰ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦੀ ਮੌਜੂਦਗੀ ਵਿੱਚ ਪਾਰਟੀ ਵਿੱਚ ਸ਼ਾਮਲ ਕੀਤਾ। ਉਨ੍ਹਾਂ ਨਾਲ ਮੋਨੂੰ ਬਾਹਮਣ, ਸਿਮਰਨ ਮਾਨਾ, ਵਿੱਕੀ ਰਾਠੌਰ, ਕਾਕਾ, ਮਨੀ ਗਿੱਲ, ਗੁਰਬਖਸ਼ ਸਿੰਘ, ਸਤਨਾਮ ਸਿੰਘ, ਗੁਰਨਾਮ ਸਿੰਘ, ਮਨਪ੍ਰੀਤ ਕੌਰ, ਸੁਖਵਿੰਦਰ ਸਿੰਘ, ਜੋਤੀ, ਨਿਸ਼ਾ ਗੌੜ, ਰਾਜਕੁਮਾਰ ਰਾਜੂ, ਅਸ਼ੋਕ ਕੁਮਾਰ, ਪ੍ਰੇਮ ਪਾਲ ਘਾੜੂ, ਬੱਬੂ ਗਿੱਲ, ਬਲਵਿੰਦਰ ਬਿੱਟਾ, ਰਾਜ ਕੁਮਾਰ, ਵਿਸ਼ਾਲ ਸ਼ਰਮਾ, ਸੁਰਜੀਤ ਬਿੱਟੂ, ਹਰਨੇਕ ਸਿੰਘ, ਮੋਨੂੰ ਲੂੰਗਾ, ਮਨਿੰਦਰ ਸਿੰਘ ਅਤੇ ਅਸ਼ੋਕ ਕੁਮਾਰ ‘ਆਪ’ ਪਰਿਵਾਰ ਵਿੱਚ ਸ਼ਾਮਲ ਹੋਏ।

ਕਾਂਗਰਸ ਦੇ ਸੀਨੀਅਰ ਆਗੂ ਅਤੇ ਪ੍ਰਦੇਸ਼ ਕਾਂਗਰਸ ਦੇ ਜਨਰਲ ਸਕੱਤਰ ਅਤੇ ਸੂਬਾ ਕੋਆਰਡੀਨੇਟਰ ਹੇਮੰਤ ਸਭਰਵਾਲ ਵੀ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਮੁੱਖ ਮੰਤਰੀ ਭਗਵੰਤ ਮਾਨ ਨੇ 'ਆਪ' ਮੰਤਰੀ ਅਮਨ ਅਰੋੜਾ ਅਤੇ ਹਰਭਜਨ ਸਿੰਘ ਈਟੀਓ, 'ਆਪ' ਵਿਧਾਇਕ ਬਰਿੰਦਰ ਗੋਇਲ ਅਤੇ 'ਆਪ' ਦੇ ਸੂਬਾ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ ਦੀ ਮੌਜੂਦਗੀ 'ਚ ਉਨ੍ਹਾਂ ਨੂੰ ਪਾਰਟੀ 'ਚ ਸ਼ਾਮਲ ਕੀਤਾ।

ਵਿਜੇ ਬੱਤਰਾ ਨਾਲ ਪਵਨ ਕੁਮਾਰ, ਰਿੰਕੂ ਹੰਸ, ਭੁਪਿੰਦਰ ਕੁਮਾਰ, ਇੰਦਰਜੀਤ ਕਲਿਆਣ, ਰਵੀ ਕੁਮਾਰ, ਸੋਮਨਾਥ ਮਲਹੋਤਰਾ, ਭੀਸ਼ਨ ਦਾਸ ਸਹੋਤਾ, ਬਿਹਾਰੀ ਲਾਲ ਗਿੱਲ, ਪਰਮਿੰ-ਦਰ ਕੁਮਾਰ, ਬਲਵਿੰਦਰ ਬਿੱਟੂ, ਧਰਮਿੰਦਰ ਗਿੱਲ, ਪ੍ਰੇਮ ਘਾੜੂ ਜੇ.ਈ., ਕੁਲਦੀਪ ਘਈ, ਲੱਕੀ ਘਈ, ਬਿੱਲਾ ਹੰਸ, ਕਮਲ ਦ੍ਰਾਵਿੜ, ਵਿਸ਼ਾਲ ਦ੍ਰਾਵਿੜ, ਵਿਪਨ ਕੁਮਾਰ, ਅਸ਼ੋਕ ਕੁਮਾਰ, ਲੱਕੀ ਕੁਮਾਰ, ਪ੍ਰਦੀਪ ਸੋਧੀ ਅਤੇ ਨਸੀਬ ਚੰਦ ਥਾਪਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ।

ਇਸ ਮੌਕੇ ਆਪਣੇ ਬਿਆਨ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਸਮੁੱਚਾ ਜਲੰਧਰ ਆਮ ਆਦਮੀ ਪਾਰਟੀ ਦੇ ਨਾਲ ਖੜ੍ਹਾ ਹੈ। ਸਾਡੀਆਂ ਲੋਕ ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਲੋਕ ਲਗਾਤਾਰ ਆਮ ਆਦਮੀ ਪਾਰਟੀ ਦਾ ਸਾਥ ਦੇ ਰਹੇ ਹਨ ਅਤੇ ਪਾਰਟੀ ਨਾਲ ਜੁੜ ਰਹੇ ਹਨ। ਆਮ ਆਦਮੀ ਪਾਰਟੀ ਨੂੰ ਜਲੰਧਰ ਦੇ ਹਰ ਵਰਗ ਅਤੇ ਹਰ ਸਮਾਜ ਦੇ ਲੋਕਾਂ ਦਾ ਸਮਰਥਨ ਹਾਸਲ ਹੈ। ਉਨ੍ਹਾਂ ਕਿਹਾ ਕਿ 2022 ਦੀ ਤਰ੍ਹਾਂ ਇਸ ਵਾਰ ਵੀ ਇੱਥੋਂ ਦੇ ਲੋਕ ‘ਆਪ’ ਉਮੀਦਵਾਰ ਨੂੰ ਜਿਤਾਉਣ ਲਈ ਕਾਫੀ ਉਤਾਵਲੇ ਹਨ।






LOCAL & LONG DISTANCE MOVING

# H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL

CANADA'S MOVING COMPANY




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

Call: 416.524.6704
www.hkmovers.ca

2023 ThreeBest Rated Certificate OF EXCELLENCE THREE BEST RATED

SAFE, RELIABLE AND EFFICIENT SERVICE AT THE BEST RATES



The Mortgage Centre
We work for you, not the lenders.




Debt Consolidation | Renovations & Repairs | Avoiding High penalities

No Credit or becon score check.
No income verification.
Interest payments only.
Pay off high interest debts.
75%-80% LTV.

Must have home equity.....

If you are looking for independent mortgage or protection advice....
We're here to help.
* Competitive rates
* Flexible terms
* Fast approval process

For more information call:
Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

Rexdale Financial Services



URGENTLY NEED NEW LISTINGS IN BRAMPTON/CALEDON



visit: www.teamjagaujla.com

ADVERTISEMENT GUARANTEED TILL SOLD

JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com

MCNE

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED IN YOUR NEIGHBOURHOOD

**Sandalwood & Sunny Meadow Blvd**



ਬਹੁਤ ਹੀ ਵਧੀਆ ਲੋਕੇਸ਼ਨ ਉਤੇ ਗ੍ਰੀਨਰੀ ਫੇਸਿੰਗ ਬਹੁਤ ਹੀ ਵਧੀਆ ਤਰੀਕੇ ਨਾਲ ਮੇਨਟੇਨ ਕੀਤਾ ਹੋਇਆ ਲਗਭਗ 1305 ਸਕੇਅਰ ਫੁੱਟ (ਐਮਪੈਕ ਅਨੁਸਾਰ) ਦਾ ਕੌਂਡੋ ਸਟੈਕਡ ਟਾਊਨ ਹਾਊਸ, ਸਾਰੇ ਘਰ ਨੂੰ ਨਵਾਂ ਰੰਗ ਕੀਤਾ ਹੋਇਆ, ਸਾਲ 2016-17 ਵਿਚ ਬਣਿਆ ਹੋਇਆ 2 ਬੈਡਰੂਮ + 3 ਵਾਸ਼ਰੂਮ + ਓਪਨ ਟੈਰੇਸਡ ਬਾਲਕਨੀ + 1 ਕਾਰ ਗਰਾਜ ਦੇ ਨਾਲ, ਓਪਨ ਕਾਂਸੈਪਟ ਲਿਵਿੰਗ ਲੈਮੀਨੇਟਡ ਫਲੋਰ ਦੇ ਨਾਲ ਲੈਸ ਡਾਇਨਿੰਗ ਏਰੀਆ, ਸਟੇਨਲੈਸ ਸਟੀਲ ਨਾਲ ਬਣੀਆਂ ਕਿਚਨ ਕੈਬਿਨੇਟਸ, ਮਾਸਟਰ ਬੈਡਰੂਮ 4 ਪੀਸੀ ਐਨਸੂਟ ਦੇ ਨਾਲ ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਅਤੇ ਹੋਰ ਵੀ ਬਹੁਤ ਕੁੱਝ।

**James Potter/Queen/Bonnie Brae**



ਬਹੁਤ ਹੀ ਸੋਹਣਾ 3000-3500 ਸਕੇਅਰ ਫੁੱਟ ਦਾ ਡਿਟੈਚਡ ਘਰ, 5+2 ਬੈਡਰੂਮ + ਦਫਤਰ + 5 ਵਾਸ਼ਰੂਮ, ਫਿਨਿਸ਼ਡ ਬੇਸਮੈਂਟ, 2 ਅਲੱਗ ਐਂਟਰੈਂਸ, 9 ਫੁੱਟ ਦੀ ਸੀਲਿੰਗ, ਡਬਲ ਡੋਰ ਐਂਟਰੀ, 5 ਪੀਸੀ ਐਨਸੂਟ ਦੇ ਨਾਲ ਮਾਸਟਰ ਬੈਡਰੂਮ, ਮੇਨ ਫਲੋਰ ਉਤੇ ਲੱਕੜ ਦਾ ਕੰਮ ਕੀਤਾ ਹੋਇਆ, ਬੇਸਮੈਂਟ ਵਿਚ ਲੈਮੀਨੇਟ ਅਤੇ ਸੇਰਾਮਿਕਸ, ਗ੍ਰੇਨਾਈਟ ਕਊਂਟਰ ਟਾਪ ਅਤੇ ਸੈਂਟਰ ਆਈਲੈਂਡ ਦੇ ਨਾਲ ਕਿਚਨ, ਗ੍ਰੀਨਰੀ ਵੱਲ ਫੇਸ ਕਰਦਾ ਹੋਇਆ ਬ੍ਰੇਕਫਾਸਟ ਏਰੀਆ, ਮੇਨ ਫਲੋਰ ਉਤੇ ਲਾਊਂਡਰੀ, ਘਰ ਦੇ ਸਾਹਮਣੇ ਪਾਰਕ ਅਤੇ ਹੋਰ ਵੀ ਬਹੁਤ ਕੁੱਝ।

**Caledon Ontario (Dir/Cross St:Mayfield/ Mclaughlin/Tweedhill)**



ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਕਿਰਾਏ ਲਈ ਖਾਲੀ 700-1100 ਸਕੁਏਅਰ ਫੁੱਟ ਦਾ ਸੋਹਣਾ ਜਿਹਾ ਘਰ, ਦੋ ਬੈਡਰੂਮਜ਼ ਦੇ ਨਾਲ ਲੀਗਲ ਬੇਸਮੈਂਟ ਅਪਾਰਟਮੈਂਟ (ਅਲੱਗ ਐਂਟਰੈਂਸ), ਕੰਕਰੀਟ ਦਾ ਡਰਾਇਵ ਵੇਅ, ਓਪਨ ਕਾਂ-ਸੈਪਟ ਦੇ ਨਾਲ ਲਿਵਿੰਗ ਰੂਮ ਨਾਲ ਅਟੈਚਡ ਕਿਚਨ, ਕਿਰਾਏਦਾਰ ਨੂੰ ਕਿਰਾਇਆ ਅਤੇ 30% ਯੂਟੀਲਿਟੀਜ਼ ਦੇਣਾ ਹੋਵੇਗਾਲੀਜ਼ ਘੱਟ ਤੋਂ ਘੱਟ 1 ਸਾਲ ਲਈ ਹੋਵੇਗੀ।

**Bramalea/Father Tobin /Fernfor**



ਬਹੁਤ ਹੀ ਸ਼ਾਨਦਾਰ 3065 ਸਕੇਅਰ ਫੁੱਟ ਦਾ 3 ਮੰਜਲਾ ਡਿਟੈਚਡ ਘਰ, 5+1 ਬੈਡਰੂਮ + 5 ਵਾ-ਸ਼ਰੂਮ ਅਤੇ 2 ਫੈਮਿਲੀ ਰੂਮ, 2 ਮਾਸਟਰ ਬੈਡਰੂਮ ਅਤੇ ਇਕ ਫਿਨਿਸ਼ਡ ਬੇਸਮੈਂਟ, ਡਬਲ ਡੋਰ ਐਂ-ਟਰੀ, ਓਕ ਸਟੇਅਰਕੇਸ, ਲਿਵਿੰਗ, ਡਾਈਨਿੰਗ ਅਤੇ ਫੈਮਿਲੀ ਰੂਮ ਵਿਚ ਹਾਰਡਵੁੱਡ ਲੱਗਾ ਹੋਇਆ, ਸੋਹਣਾ ਜਿਹਾ ਕਿਚਨ ਸੈਂਟਰ ਆਈਲੈਂਡ ਦੇ ਨਾਲ, ਮਾਸਟਰ ਬੈਡਰੂਮ ਵਿਚ 5 ਪੀਸੀ ਐਨ-ਸੂਟ, ਦੂਜੀ ਮੰਜਲ 'ਤੇ ਲਾਊਂਡਰੀ, ਗਰਾਜ ਤੋਂ ਘਰ ਦੀ ਐਂਟਰੀ, ਬੇਸਮੈਂਟ ਵਿਚ ਸ਼ਾਨਦਾਰ ਥੀਏਟਰ ਦੇ ਨਾਲ, ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਤੇ ਹੋਰ ਵੀ ਬਹੁਤ ਕੁੱਝ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232

Call JAG AUJLA Direct 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT


2024 TOUR • 180+ SHOWS •
12 FABULOUS LOCATIONS • CANADA & USA
ROYAL CANADIAN
International
CIRCUS
UNDER THE BIG TOP
6 GTA LOCATIONS
June 27 - Sept 2
2 for 1
GENERAL ADMISSION TICKETS DISCOUNT
PROMO CODE:
PUNJABI
ROYALCANADIANCIRCUS.CA